


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ


# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਵੀਰਵਾਰ,06 ਮਾਰਚ 2025

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 259 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਅਤਿਵਾਦੀ ਹਮਲੇ ਵਿਚ ਮਰਨ ਵਾਲਿਆਂ ਦੀ ਸੰਖਿਆ ਵਧਕੇ 11 ਹੋਈ, 22 ਜ਼ਖਮੀ

ਇਸਲਾਮਾਬਾਦ, ਲੋਕ ਬਾਣੀ- ਡਾਨ ਨੇ ਰਿਪੋਰਟ ਕੀਤੀ ਕਿ ਮੰਗਲਵਾਰ ਸ਼ਾਮ ਨੂੰ ਉੱਚ ਸੁਰੱਖਿਆ ਵਾਲੇ ਖੇਤਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਵਿੱਚ ਅਤਿਵਾਦੀਆਂ ਨੇ ਬੰਨੂ ਛਾਉਣੀ ਦੇ ਘੇਰੇ ਵਿੱਚ ਵਿਸਫੋਟਕ ਨਾਲ ਭਰੇ ਦੋ ਵਾਹਨਾਂ ਨੂੰ ਟੱਕ ਮਾਰ ਦਿੱਤੀ। ਜਿਸ ਦੌਰਾਨ ਪੰਜ ਔਰਤਾਂ ਅਤੇ ਚਾਰ ਬੱਚਿਆਂ ਸਮੇਤ ਘੱਟੋ-ਘੱਟ 11 ਲੋਕਾਂ ਦੀ ਮੌਤ ਹੋ ਗਈ ਅਤੇ 22 ਹੋਰ ਜ਼ਖਮੀ ਹੋ ਗਏ।

ਡਾਨ ਨੇ ਸੂਤਰਾਂ ਦੇ ਹਵਾਲੇ ਨਾਲ ਦੱਸਿਆ



ਕਿ ਬੰਨੂ ਛਾਉਣੀ ਪੁਲੀਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਹੋਈ ਗੋਲੀਬਾਰੀ ਵਿੱਚ ਛੇ ਹਮਲਾਵਰ ਮਾਰੇ ਗਏ ਹਨ

## ਕਲਯੁਗੀ ਪੁੱਤਰ ਦੀ ਕਰਤੂਤ ਪਿਤਾ ਨੂੰ ਉਤਾਰਿਆ ਮੌਤ ਦੇ ਘਾਟ

ਉੜੀਸਾ, ਲੋਕ ਬਾਣੀ --ਉੜੀਸਾ ਦੇ ਮਯੂਰਭੰਜ ਜ਼ਿਲ੍ਹੇ ਵਿੱਚ ਇੱਕ ਬਹੁਤ ਹੀ ਦਰਦਨਾਕ ਘਟਨਾ ਵਾਪਰੀ ਹੈ, ਜਿੱਥੇ ਇੱਕ 40 ਸਾਲ ਦੇ ਬੇਟੇ ਨੇ ਆਪਣੇ 70 ਸਾਲਾ ਪਿਓ ਦਾ ਕਤਲ ਕਰ ਦਿੱਤਾ, ਉਹ ਵੀ ਸਿਰਫ਼ ਇਸ ਲਈ ਕਿਉਂਕਿ ਉਸ ਨੇ ਉਸਨੂੰ ਗੁਟਖਾ ਖਰੀਦਣ ਲਈ 10 ਰੁਪਏ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਇੰਨਾ ਹੀ ਨਹੀਂ ਕਤਲ ਤੋਂ ਬਾਅਦ ਪੁੱਤਰ ਆਪਣੇ ਪਿਤਾ ਦਾ ਕੱਟਿਆ ਹੋਇਆ ਸਿਰ ਥਾਣੇ ਲੈ ਗਿਆ ਅਤੇ ਆਤਮ ਸਮਰਪਣ ਕਰ ਦਿੱਤਾ।

ਘਟਨਾ ਮੰਗਲਵਾਰ ਨੂੰ ਵਾਪਰੀ। ਇਕ ਪੁਲਸ ਅਧਿਕਾਰੀ ਨੇ ਦੱਸਿਆ, ਮਯੂਰਭੰਜ ਦੇ ਚੰਦੂਆ ਪਿੰਡ ਚ ਦੋਸ਼ੀ ਪੁੱਤਰ ਨੇ ਤੇਜ਼ਧਾਰ ਹਥਿਆਰ ਨਾਲ ਆਪਣੇ




70 ਸਾਲਾ ਪਿਓ ਦਾ ਸਿਰ ਕਲਮ ਕਰ ਦਿੱਤਾ, ਜਿਸ ਤੋਂ ਬਾਅਦ ਉਹ ਕੱਟੇ ਹੋਏ ਸਿਰ ਨੂੰ ਲੈ ਕੇ ਚੰਦੂਆ ਪੁਲਸ ਸਟੇਸ਼ਨ ਪਹੁੰਚਿਆ ਅਤੇ ਆਤਮ ਸਮਰਪਣ ਕਰ ਦਿੱਤਾ। ਉਸ ਦੀ ਮਾਂ ਮੌਕੇ ਤੋਂ ਫਰਾਰ ਹੋ ਗਈ। ਇਹ ਕਤਲ ਦੋਸ਼ੀ ਅਤੇ ਉਸ ਦੇ ਮਾਤਾ-ਪਿਤਾ ਵਿਚਾਲੇ ਹੋਈ ਤਕਰਾਰ ਤੋਂ ਬਾਅਦ ਹੋਇਆ ਹੈ।

## ਇੰਜਨੀਅਰ ਰਾਸ਼ਿਦ ਨੇ ਅਗਾਮੀ ਸੰਸਦੀ ਇਜਲਾਸ ਲਈ ਦਿੱਲੀ ਕੋਰਟ ਕੋਲੋਂ ਹਿਰਾਸਤੀ ਪੈਰੋਲ ਮੰਗੀ

ਨਵੀਂ ਦਿੱਲੀ ਲੋਕ ਬਾਣੀ- ਜੇਲ੍ਹ ਵਿਚ ਬੰਦ ਜੰਮੂ ਕਸ਼ਮੀਰ ਤੋਂ ਸੰਸਦ ਮੈਂਬਰ ਇੰਜਨੀਅਰ ਰਾਸ਼ਿਦ ਨੇ 10 ਮਾਰਚ ਤੋਂ ਸ਼ੁਰੂ ਹੋ ਰਹੇ ਸੰਸਦੀ ਇਜਲਾਸ ਵਿਚ ਸ਼ਮੂਲੀਅਤ ਲਈ ਹਿਰਾਸਤੀ ਪੈਰੋਲ ਦੀ ਮੰਗ ਕਰਦਿਆਂ ਦਾਅਵਾ ਕੀਤਾ ਕਿ ਉਹ ਸੁਰੱਖਿਆ ਲਈ ਕੋਈ ਖ਼ਤਰਾ ਨਹੀਂ ਹੈ।


ਰਾਸ਼ਿਦ ਦੇ ਵਕੀਲ ਨੇ ਵਧੀਕ ਸੈਸ਼ਨ ਜੱਜ ਚੰਦਰਜੀਤ ਸਿੰਘ ਅੱਗੇ ਇਹ



ਦਾਅਵਾ ਕੀਤਾ। ਜੱਜ ਨੇ ਰਾਸ਼ਿਦ ਦੀ ਪਟੀਸ਼ਨ ’ਤੇ ਦਲੀਲਾਂ ਸੁਣਨ ਮਗਰੋਂ 7 ਮਾਰਚ ਲਈ ਫੈਸਲਾ ਰਾਖਵਾਂ ਰੱਖ ਲਿਆ।

## ਢਿੱਗਾਂ ਡਿੱਗਣ ਕਾਰਨ ਗੁਰਦੁਆਰਾ ਹੇਮਕੁੰਟ ਸਾਹਿਬ ਮਾਰਗ ’ਤੇ ਗੁਰਦੁਆਰਾ ਗੋਬਿੰਦ ਘਾਟ ਨੇੜਲਾ ਪੁਲ਼ ਟੁੱਟਿਆ

ਅੰਮ੍ਰਿਤਸਰ, ਲੋਕ ਬਾਣੀ–ਉੱਤਰਾਖੰਡ ਸਥਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਯਾਤਰਾ ਮਾਰਗ ਨੂੰ ਜੋੜਨ ਵਾਲਾ ਇਕ ਪੁੱਲ ਬੁੱਧਵਾਰ ਨੂੰ ਗੁਰਦੁਆਰਾ ਗੋਬਿੰਦ ਘਾਟ ਨੇੜੇ ਪਹਾੜ ਤੋਂ ਵੱਡੀ ਗਿਣਤੀ ਵਿੱਚ ਪੱਥਰ ਡਿੱਗਣ ਕਾਰਨ ਟੁੱਟ ਗਿਆ ਹੈ, ਜਿਸ ਨਾਲ ਇਸ ਵਰ੍ਹੇ ਦੀ ਸਲਾਨਾ ਯਾਤਰਾ ’ਤੇ ਵੀ ਅਸਰ ਪੈ ਸਕਦਾ ਹੈ।ਇਸ ਦੌਰਾਨ ਪੁਲ ਦੇ ਮਲਬੇ ਹੇਠੋਂ ਇਕ ਵਿਅਕਤੀ ਦੀ ਲਾਸ਼ ਮਿਲੀ ਹੈ, ਜਿਸ ਦੀ ਪਛਾਣ ਦਰਸ਼ਨ ਸ਼ਰਮਾ ਵਾਸੀ ਬਿਹਾਰ



ਵਜੋਂ ਦੱਸੀ ਗਈ ਹੈ, ਜੋ ਪੇਸ਼ੇ ਵਜੋਂ ਤਰਖਾਣ ਦਾ ਕੰਮ ਕਰਦਾ ਸੀ। ਪੁਲ ਡਿੱਗਣ ਮੌਕੇ ਪੀੜਤ ਸਕੂਟਰ ’ਤੇ ਸਵਾਰ ਹੋ ਕੇ ਇਸ ਦੇ ਉਪਰੋਂ ਦੀ ਲੰਘ ਰਿਹਾ ਸੀ।

## ਪੁਲੀਸ ਨੇ ਚੰਡੀਗੜ੍ਹ ਕੂਚ ਤੋਂ ਵੱਖ-ਵੱਖ ਥਾਈਂ ਰੋਕੇ ਕਿਸਾਨ, ਕਈ ਥਾਈਂ ਲੱਗੇ ਰੋਸ ਮੁਜ਼ਾਹਰੇ

ਭਵਾਨੀਗੜ੍ਹ, ਲੋਕ ਬਾਣੀ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ’ਤੇ ਅੱਜ ਚੰਡੀਗੜ੍ਹ ਧਰਨੇ ਵਿੱਚ ਸ਼ਾਮਲ ਹੋਣ ਲਈ ਰਵਾਨਾ ਹੋਏ ਕਿਸਾਨਾਂ ਨੂੰ ਅਨਾਜ ਮੰਡੀ ਭਵਾਨੀਗੜ੍ਹ ਅਤੇ ਅਨਾਜ ਮੰਡੀ ਘਰਾਚੋਂ ਵਿਖੇ ਪੁਲੀਸ ਵੱਲੋਂ ਰੋਕ ਲਿਆ ਗਿਆ ਹੈ।

ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੁਰਜਗਿੱਲ ਦੇ ਜ਼ਿਲ੍ਹਾ ਪ੍ਰਧਾਨ ਕਰਮ ਸਿੰਘ ਬਲਿਆਲ ਅਤੇ ਪ੍ਰੈਸ ਸਕੱਤਰ ਜਗਤਾਰ ਸਿੰਘ ਤੂਰ ਸਮੇਤ ਕਿਸਾਨਾਂ ਦੇ ਕਾਫ਼ਲੇ ਨੂੰ ਅਨਾਜ ਮੰਡੀ ਭਵਾਨੀਗੜ੍ਹ ਵਿਖੇ ਰੋਕਿਆ ਹੋਇਆ ਹੈ। ਇਸੇ



ਤਰ੍ਹਾਂ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਮਨਜੀਤ ਸਿੰਘ ਘਰਾਚੋਂ, ਹਰਜਿੰਦਰ ਸਿੰਘ ਘਰਾਚੋਂ ਅਤੇ ਹਰਜੀਤ ਸਿੰਘ ਮਹਿਲਾਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਅਨਾਜ ਮੰਡੀ ਘਰਾਚੋਂ ਵਿਖੇ ਰੋਕਿਆ ਗਿਆ ਹੈ।

## ਜੇਲ੍ਹਾਂ ਵਿੱਚ ਡੱਕੇ ਕਿਸਾਨ ਵੀਰਵਾਰ ਦੁਪਹਿਰੇ 12 ਵਜੇ ਕੀਤੇ ਜਾਣਗੇ ਰਿਹਾਅ

ਪਟਿਆਲਾ/ ਲੋਕ ਬਾਣੀ- ਪੁਲੀਸ ਨੇ ਐੱਸਕੇਐੱਮ ਦੇ ਸੱਦੇ ਤਹਿਤ ਪੱਕੇ ਮੋਰਚੇ ਲਈ ਚੰਡੀਗੜ੍ਹ ਜਾਂਦਿਆਂ ਗ੍ਰਿਫਤਾਰ ਕੀਤੇ ਗਏ ਸਾਰੇ ਕਿਸਾਨ ਛੱਡ ਦਿੱਤੇ ਹਨ ਜਦੋਂਕਿ ਮੰਗਲਵਾਰ ਤੜਕੇ ਛਾਪੇ ਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਕਿਸਾਨਾਂ ਦੀ ਰਿਹਾਈ ਨੂੰ ਲੈ ਕੇ ਸਰਕਾਰ ਤੇ ਕਿਸਾਨ ਆਗੂਆਂ ਦਰਮਿਆਨ



ਸਮਝੌਤਾ ਹੋ ਗਿਆ ਹੈ। ਸਮਝੌਤੇ ਤਹਿਤ ਇਨ੍ਹਾਂ ਕਿਸਾਨਾਂ ਨੂੰ ਵੀਰਵਾਰ ਦੁਪਹਿਰੇ 12 ਵਜੇ ਤੱਕ ਰਿਹਾਅ ਕੀਤਾ ਜਾਵੇਗਾ।

## ਸੰਯੁਕਤ ਕਿਸਾਨ ਮੋਰਚੇ ਦੇ ਨਜ਼ਰਬੰਦ ਆਗੂ ਪੁਲਿਸ ਨੇ ਕੀਤੇ ਰਿਹਾਅ

ਮੱਖੂ ਲੋਕ ਬਾਣੀ- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਵਲੋਂ ਕਿਸਾਨੀ ਮੰਗਾਂ ਲਈ 5 ਮਾਰਚ ਨੂੰ ਚੰਡੀਗੜ੍ਹ ਵਿਖੇ ਲਗਾਉਣ ਵਾਲੇ ਧਰਨੇ ਨੂੰ ਲੈ ਕੇ 4 ਮਾਰਚ ਸਵੇਰੇ 4.30 ਦੇ ਕਰੀਬ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸਰਪ੍ਰਸਤ ਬਾਪੂ ਗੁਰਦੇਵ ਸਿੰਘ ਵਾਰਿਸ ਵਾਲਾ, ਲਖਵਿੰਦਰ ਸਿੰਘ ਪੀਰ ਮੁਹੰਮਦ ਪ੍ਰਧਾਨ ਯੂਥ ਵਿੰਗ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਅਤੇ ਪ੍ਰਗਟ ਸਿੰਘ ਸੂਬਾ ਸਕੱਤਰ ਭਾਰਤੀ ਕਿਸਾਨ



ਯੂਨੀਅਨ ਰਾਜੇਵਾਲ ਆਦਿ ਨੂੰ ਪੁਲਿਸ ਨੇ ਹਿਰਾਸਤ ਵਿਚ ਲੈ ਕੇ ਮੱਖੂ ਥਾਣੇ ਨਜ਼ਰਬੰਦ ਕਰ ਦਿੱਤਾ ਗਿਆ ਸੀ ਅਤੇ ਅੱਜ ਇਨ੍ਹਾਂ ਤਿੰਨਾਂ ਆਗੂਆਂ ਨੂੰ ਬਿਨਾਂ ਸ਼ਰਤ ਰਿਹਾਅ ਕਰ ਦਿੱਤਾ ਗਿਆ।

## ਰਿਸ਼ਵਤ ਦੇ ਕੇਸ ਚ ਭਗੌੜਾ ਪਟਵਾਰੀ ਵਿਜੀਲੈਂਸ ਵਲੋਂ ਗ੍ਰਿਫ਼ਤਾਰ

ਨਵਾਂਸ਼ਹਿਰ,, ਹਰਬੰਸ ਬਿੱਟੂ- -ਵਿਜੀਲੈਂਸ ਬਿਊਰੋ ਨੇ ਮਾਲ ਹਲਕਾ ਨਵਾਂਸ਼ਹਿਰ-1 ਵਿਖੇ ਤਾਇਨਾਤ ਇਕ ਪਟਵਾਰੀ ਵਿਪਨ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ ਹੈ ਜੋ ਰਿਸ਼ਵਤਖੋਰੀ ਦੇ ਮੁਕੱਦਮੇ ਵਿਚ ਤਿੰਨ ਹਫ਼ਤਿਆਂ ਤੋਂ ਫਰਾਰ ਚੱਲ ਰਿਹਾ ਸੀ। ਇਸ ਕੇਸ ਵਿਚ ਪਟਵਾਰੀ ਦੇ ਕਰਿੰਦੇ ਰਾਮਪਾਲ ਨੂੰ ਉਸ (ਪਟਵਾਰੀ) ਖਾਤਰ 3,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ ਸੀ।

ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਐਸ.ਬੀ.ਐਸ. ਨਗਰ ਜ਼ਿਲ੍ਹੇ ਦੇ ਨਵਾਂਸ਼ਹਿਰ ਦੀ ਨਵੀਂ ਆਬਾਦੀ ਖੇਤਰ ਦੇ




ਇਕ ਵਸਨੀਕ ਦੀ ਸ਼ਿਕਾਇਤ ਦੇ ਆਧਾਰ ’ਤੇ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਵਿਜੀਲੈਂਸ ਨੂੰ ਦੱਸਿਆ ਕਿ ਉਕਤ ਪਟਵਾਰੀ ਵਿਪਨ ਕੁਮਾਰ ਨੇ ਉਸਦੇ ਜੱਦੀ ਘਰ ਦਾ ਇੰਤਕਾਲ ਦਰਜ ਕਰਨ ਲਈ 5,000 ਰੁਪਏ ਦੀ ਰਿਸ਼ਵਤ ਮੰਗੀ ਸੀ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਵਿਜੀਲੈਂਸ ਬਿਊਰੋ ਨੇ ਪੁਲਿਸ ਅਧਿਕਾਰੀਆਂ ਦੇ ਨਾਂ 'ਤੇ 3 ਲੱਖ ਰੁਪਏ ਰਿਸ਼ਵਤ ਲੈਂਦੇ ਵਿਅਕਤੀ ਨੂੰ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ): ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਚੱਲ ਰਹੀ ਮੁਹਿੰਮ ਤਹਿਤ ਹਰਿਆਣਾ ਦੇ ਪਿੰਡ ਅਸਮਾਨਪੁਰ, ਪਿਹੋਵਾ ਦੇ ਰਹਿਣ ਵਾਲੇ ਇੱਕ ਨਿੱਜੀ ਵਿਅਕਤੀ, ਧਰਮਪਾਲ ਨੂੰ 3 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਦੋਸ਼ੀ ਨੂੰ ਇਸੇ ਪਿੰਡ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੀਤੀ ਹੈ ਅਤੇ ਦੋਸ਼ ਲਗਾਇਆ ਕਿ ਪਾਤੜਾਂ ਦੇ ਇੱਕ ਨਿਵਾਸੀ ਵੱਲੋਂ ਉਸ ਵਿਰੁੱਧ ਦਰਜ ਕੀਤੀ ਗਈ ਝੂਠੀ ਸ਼ਿਕਾਇਤ ਕਾਰਨ ਉਸਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ ਅਤੇ ਵਾਰ-ਵਾਰ ਪਾਤੜਾਂ ਪੁਲਿਸ ਥਾਣੇ ਵਿੱਚ ਬੁਲਾਇਆ ਜਾ ਰਿਹਾ ਸੀ। ਉਕਤ ਮੁਲਜ਼ਮ, ਧਰਮਪਾਲ, ਸ਼ਿਕਾਇਤਕਰਤਾ ਅਤੇ ਕੁਝ ਪੁਲਿਸ ਅਧਿਕਾਰੀਆਂ ਵਿਚਕਾਰ ਪੈਸਿਆਂ ਦੇ ਲੈਣ-ਦੇਣ ਲਈ ਵਿਚੋਲਗੀ ਕਰ ਰਿਹਾ ਸੀ। ਸ਼ਿਕਾਇਤਕਰਤਾ ਨੇ ਖੁਲਾਸਾ ਕੀਤਾ ਕਿ ਉਸਨੂੰ ਦੋਸ਼ੀ ਧਰਮਪਾਲ ਰਾਹੀਂ ਪੁਲਿਸ ਅਧਿਕਾਰੀਆਂ ਨੂੰ 2 ਲੱਖ ਰੁਪਏ ਰਿਸ਼ਵਤ ਦੇਣ ਲਈ ਮਜਬੂਰ ਕੀਤਾ ਗਿਆ। ਇਸੇ ਤਰ੍ਹਾਂ 4 ਲੱਖ ਰੁਪਏ ਦੀ ਹੋਰ ਮੰਗ ਕੀਤੀ ਗਈ ਤੇ ਬਾਅਦ ਵਿੱਚ ਸੌਦਾ 3 ਲੱਖ ਰੁਪਏ ਵਿੱਚ ਤੈਅ ਹੋਇਆ ਸੀ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਮੁਲਜ਼ਮ ਧਰਮਪਾਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 3 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿੱਚ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਐਫਆਈਆਰ ਦਰਜ ਕੀਤੀ ਗਈ ਹੈ ਅਤੇ ਇਸ ਸਬੰਧੀ ਹੋਰ ਜਾਂਚ ਜਾਰੀ ਹੈ।

ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸਬੰਧਤ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ।

# ਸੰਯੁਕਤ ਕਿਸਾਨ ਮੋਰਚਾ ਦੀ ਹੋਣ ਵਾਲੀ ਮੀਟਿੰਗ ਹੋਈ ਮੁਲਤਵੀ

ਚੰਡੀਗੜ੍ਹ (ਲੋਕ ਬਾਣੀ)ਪੁਲਿਸ ਵਲੋਂ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿਚ ਕਿਸਾਨ ਆਗੂਆਂ ਨੂੰ ਹਿਰਾਸਤ ਵਿਚ ਲੈਣ ਸੰਬੰਧੀ ਖ਼ਬਰਾਂ ਸਾਹਮਣੇ ਆਉਣ ਤੋਂ ਬਾਅਦ ਲੁਧਿਆਣਾ ਦੇ ਈਸੜੂ ਭਵਨ ਵਿਖੇ ਹੋਣ ਵਾਲੇ ਸੰਯੁਕਤ ਕਿਸਾਨ ਮੋਰਚਾ ਦੀ ਮੀਟਿੰਗ ਨੂੰ ਮੁਲਤਵੀ ਕਰ ਦਿੱਤਾ ਗਿਆ ਹੈ। ਈਸੜੂ ਭਵਨ ਵਿਖੇ ਕਿਸਾਨ ਆਗੂ ਨੇ ਦੱਸਿਆ ਕਿ ਬੀਤੇ ਦਿਨ ਚੰਡੀਗੜ੍ਹ ਵਿਖੇ ਕਿਸਾਨਾਂ ਦੀ ਮੁੱਖ ਮੰਤਰੀ ਨਾਲ ਹੋਈ ਮੀਟਿੰਗ ਸਫ਼ਲ ਨਹੀਂ ਰਹੀ ਸੀ, ਜਦਕਿ ਅੱਜ ਪੁਲਿਸ ਵਲੋਂ ਕਿਸਾਨ ਆਗੂਆਂ ਨੂੰ ਹਿਰਾਸਤ ਵਿਚ ਲਿਆ ਜਾ ਰਿਹਾ ਹੈ। ਇਸ ਕਰਕੇ ਈਸੜੂ ਭਵਨ ਵਿਖੇ ਹੋਣ ਵਾਲੀ ਸੰਯੁਕਤ ਕਿਸਾਨ ਮੋਰਚਾ ਦੀ ਮੀਟਿੰਗ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ। ਹਾਲਾਂਕਿ 5 ਮਾਰਚ ਦਾ ਉਨ੍ਹਾਂ ਦਾ ਚੰਡੀਗੜ੍ਹ ਦਾ ਪ੍ਰੋਗਰਾਮ ਜਾਰੀ ਰਹੇਗਾ।

# ਕਮਿਸ਼ਨਰੇਟ ਪੁਲਿਸ ਵੱਲੋਂ ਪਿੰਡ ਤਲਵੰਡੀ ਕਲਾਂ 'ਚ ਦੋ ਨਸ਼ਾ ਤਸਕਰਾਂ ਦੇ ਗੈਰ-ਕਾਨੂੰਨੀ ਢਾਂਚਿਆਂ ਤੇ ਕਾਰਵਾਈ



ਚੰਡੀਗੜ੍ਹ/ਲੁਧਿਆਣਾ, (ਲੋਕ ਬਾਣੀ) ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਉਨ੍ਹਾਂ ਦੇ ਗੈਰ-ਕਾਨੂੰਨੀ ਕਬਜ਼ਿਆਂ ਤੇ ਨਕੇਲ ਕੱਸਣ ਲਈ ਨਿਰੰਤਰ ਯਤਨਾਂ ਰਾਹੀਂ ਯੁੱਧ ਨਸ਼ਿਆਂ ਵਿਰੁੱਧ ਪਹਿਲਕਦਮੀ ਤਹਿਤ, ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਰੇਲਵੇ ਅਧਿਕਾਰੀਆਂ ਦੇ ਸਹਿਯੋਗ ਨਾਲ, ਜ਼ਿਲ੍ਹੇ ਦੇ ਤਲਵੰਡੀ ਕਲਾਂ ਪਿੰਡ ਵਿੱਚ ਦੋ ਤਸਕਰਾਂ ਦੁਆਰਾ ਰੇਲਵੇ ਜ਼ਮੀਨ ਤੇ ਕਬਜ਼ਾ ਕਰਕੇ ਬਣਾਏ ਗਏ ਅਣ-ਅਧਿਕਾਰਤ ਢਾਂਚੇ ਢਾਹ ਦਿੱਤੇ ਹਨ।

ਇਹ ਢਾਂਚਾ ਦੋ ਨਸ਼ਾ ਤਸਕਰਾਂ ਦੁਆਰਾ ਗੈਰ-ਕਾਨੂੰਨੀ ਤੌਰ ਤੇ ਕਬਜ਼ਾ ਕੀਤਾ ਗਿਆ ਸੀ, ਦੋਵੇਂ ਮੁਲਜਮ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸ (ਐਨ.ਡੀ.ਪੀ.ਐਸ.) ਐਕਟ ਤਹਿਤ ਦਰਜ ਵੱਖ-ਵੱਖ ਮਾਮਲਿਆਂ ਦਾ ਸਾਹਮਣਾ ਕਰ ਰਹੇ ਹਨ।

ਡਿਪਟੀ ਕਮਿਸ਼ਨਰ ਆਫ਼ ਪੁਲਿਸ (ਡੀ.ਸੀ.ਪੀ.) ਜਸਕਿਰਨਜੀਤ ਸਿੰਘ ਤੇਜਾ ਵੱਲੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਗਿਆ ਕਿ ਇਹ ਕਾਰਵਾਈ ਰੇਲਵੇ ਵਿਭਾਗ ਵੱਲੋਂ ਦਿੱਤੀ ਦਰਖਾਸਤ ਦੇ ਆਧਾਰ ਤੇ ਕੀਤੀ ਗਈ ਹੈ ਜਿਨ੍ਹਾਂ ਗੈਰ-ਕਾਨੂੰਨੀ ਕਬਜ਼ੇ ਹਟਾਉਣ ਲਈ ਪੁਲਿਸ ਸਹਾਇਤਾ ਦੀ ਮੰਗ ਕੀਤੀ ਸੀ।

ਸਰਕਾਰੀ ਰਿਕਾਰਡ ਅਨੁਸਾਰ, ਮੁਲਜ਼ਮਾਂ ਵਿੱਚੋਂ ਰਾਣੀ, ਇੱਕ ਬਦਨਾਮ ਨਸ਼ਾ ਤਸਕਰ ਹੈ ਜਿਸ ਨੂੰ ਐਨ.ਡੀ.ਪੀ.ਐਸ. ਐਕਟ ਦੇ ਪੰਜ ਕੇਸਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਦਕਿ ਜਿੰਦਰ ਪਾਲ, ਜਿਸਨੂੰ ਨਿੱਕਾ ਵੀ ਕਿਹਾ ਜਾਂਦਾ ਹੈ, ਡਰੱਗ ਤਸਕਰੀ ਦੇ 9 ਮਾਮਲਿਆਂ ਵਿੱਚ ਸ਼ਾਮਲ ਹੈ।

ਡੀ.ਸੀ.ਪੀ. ਤੇਜਾ ਨੇ ਕਿਹਾ ਕਿ ਪੁਲਿਸ ਨੇ ਰੇਲਵੇ ਅਧਿਕਾਰੀਆਂ ਦੇ ਨਾਲ ਮਿਲ ਕੇ ਇਹ ਯਕੀਨੀ ਬਣਾਇਆ ਕਿ ਕਬਜ਼ਾਮੁਕਤ ਕਾਰਵਾਈ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹੀ ਜਾਵੇ ਅਤੇ ਅਣਸੁਖਾਵੀਂ ਘਟਨਾ ਦੀ ਰੋਕਥਾਮ ਲਈ ਲੋੜੀਂਦੇ ਮੁਲਾਜ਼ਮ ਤਾਇਨਾਤ ਕੀਤੇ ਗਏ। ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਜ਼ਮੀਨ ਜਾਇਜ਼ ਤੌਰ ਤੇ ਰੇਲਵੇ ਦੀ ਹੈ ਅਤੇ ਮੁਲਜ਼ਮਾਂ ਦੁਆਰਾ ਗੈਰ-ਕਾਨੂੰਨੀ ਤੌਰ ਤੇ ਕਬਜ਼ਾ ਕੀਤਾ ਗਿਆ ਸੀ। ਰੇਲਵੇ ਵਿਭਾਗ ਨੇ ਲੁਧਿਆਣਾ ਵਿੱਚ ਆਪਣੀ ਜ਼ਮੀਨ ਤੇ 32 ਨਾਜਾਇਜ਼ ਕਬਜ਼ਿਆਂ ਦੀ ਸੂਚੀ ਪ੍ਰਦਾਨ ਕੀਤੀ ਹੈ।

ਡੀ.ਸੀ.ਪੀ. ਜਸਕਿਰਨਜੀਤ ਸਿੰਘ ਤੇਜਾ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਜਨਤਾ ਨੂੰ ਭਰੋਸਾ ਦਿੱਤਾ ਕਿ ਨਸ਼ੇ ਦੇ ਕੋਹੜ ਨੂੰ ਜੜ੍ਹੋਂ ਖਤਮ ਕੀਤਾ ਜਾਵੇਗਾ। ਡਰੱਗ ਤਸਕਰਾਂ ਨੂੰ ਮਿਸਾਲੀ ਸਜ਼ਾਵਾਂ ਦੁਆਈਆਂ ਜਾਣਗੀਆਂ ਅਤੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਦੀ ਤਸਕਰੀ ਵਿੱਚ ਲੱਗੇ ਲੋਕਾਂ ਲਈ ਕੋਈ ਨਰਮੀ ਨਹੀਂ ਵਰਤੀ ਜਾਵੇਗੀ।

# ਜ਼ਮੀਨ ਦੇ ਇੰਤਕਾਲ ਬਦਲੇ ਰਿਸ਼ਵਤ ਲੈਂਦੇ ਪਟਵਾਰੀ ਨੂੰ ਵਿਜੀਲੈਂਸ ਨੇ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਪਟਵਾਰੀ ਅਮਨਦੀਪ ਸਿੰਘ, ਮਾਲ ਹਲਕਾ ਬੋਹਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਨੂੰ 4,000 ਰੁਪਏ ਬਤੌਰ ਰਿਸ਼ਵਤ ਹਾਸਲ ਕਰਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਵਿਰੁੱਧ ਇਹ ਕੇਸ ਬੋਹਾ ਦੇ ਇੱਕ ਵਿਅਕਤੀ ਦੀ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕੇ ਦੋਸ਼ ਲਗਾਇਆ ਕਿ ਉਸਦੀ ਭੈਣ ਨੇ ਸਾਲ 2023 ਵਿੱਚ 21 ਮਰਲੇ ਜ਼ਮੀਨ ਖਰੀਦ ਕਰਕੇ ਰਜਿਸਟਰੀ ਕਰਵਾ ਲਈ ਸੀ ਪਰੰਤੂ ਇੰਤਕਾਲ ਦਰਜ ਹੋਣਾ ਬਾਕੀ ਸੀ। ਜਦੋਂ ਉਹ ਇਸ ਜ਼ਮੀਨ ਦਾ ਇੰਤਕਾਲ ਦਰਜ ਕਰਵਾਉਣ ਲਈ ਉਕਤ ਪਟਵਾਰੀ ਨੂੰ ਮਿਲਿਆ ਤਾਂ ਉਸਨੇ ਜ਼ਮੀਨ ਦਾ ਇੰਤਕਾਲ ਦਰਜ ਕਰਨ ਬਦਲੇ ਉਸ ਕੋਲੋਂ 4,000 ਰੁਪਏ ਬਤੌਰ ਰਿਸ਼ਵਤ ਦੀ ਮੰਗ ਕੀਤੀ ਜਿਸਦੀ ਉਸਨੇ ਆਪਣੇ ਮੋਬਾਇਲ ਵਿੱਚ ਰਿਕਾਰਡਿੰਗ ਕਰ ਲਈ ਸੀ।

ਬੁਲਾਰੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਵਿੱਚ ਲਗਾਏ ਦੋਸ਼ਾਂ ਦੀ ਮੁੱਢਲੀ ਜਾਂਚ ਉਪਰੰਤ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਪਾਸੋਂ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਇਸ ਸਬੰਧੀ ਉਕਤ ਪਟਵਾਰੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਥਾਣਾ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਕੱਦਮੇ ਦੀ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਵਿਜੀਲੈਂਸ ਬਿਊਰੋ ਨੇ ਏਐਸਆਈ ਅਤੇ ਸੀਨੀਅਰ ਸਿਪਾਹੀ ਨੂੰ 50000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਆਪਣੀ ਮੁਹਿੰਮ ਦੌਰਾਨ ਐਤਵਾਰ ਨੂੰ ਬਰਨਾਲਾ ਜ਼ਿਲ੍ਹੇ ਦੇ ਥਾਣਾ ਮਹਿਲ ਕਲਾਂ ਵਿੱਚ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏਐਸਆਈ) ਜੱਗਾ ਸਿੰਘ (ਨੰਬਰ 636/ਬਰਨਾਲਾ) ਅਤੇ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ (ਨੰਬਰ 288/ਬਰਨਾਲਾ) ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਅੱਜ ਇੱਥੇ ਇਹ ਖੁਲਾਸਾ ਕਰਦਿਆਂ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਪੁਲਿਸ ਮੁਲਾਜ਼ਮਾਂ ਨੂੰ ਬਰਨਾਲਾ ਸ਼ਹਿਰ ਦੀ ਇੱਕ ਔਰਤ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਹੈ ਕਿ ਮਹਿਲ ਕਲਾਂ ਥਾਣੇ ਵਿੱਚ ਇੱਕ ਪੁਲਿਸ ਕੇਸ ਦਰਜ ਹੋਇਆ ਸੀ ਜਿਸ ਵਿੱਚ ਉਸਦੇ ਭਰਾ ਨੂੰ ਬਾਅਦ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਉਸਨੇ ਦੋਸ਼ ਲਾਇਆ ਕਿ ਉਕਤ ਮੁਲਜ਼ਮ ਏਐਸਆਈ ਅਤੇ ਸੀਨੀਅਰ ਸਿਪਾਹੀ ਨੇ ਉਸ ਦੇ ਭਰਾ ਦਾ ਮੋਬਾਈਲ ਫੋਨ, ਘੜੀ, ਸੋਨੇ ਦੀ ਚੇਨ ਅਤੇ 10,000 ਰੁਪਏ ਦੀ ਨਕਦੀ ਵਾਪਸ ਕਰਨ ਲਈ ਉਸ ਕੋਲੋਂ ਰਿਸ਼ਵਤ ਦੀ ਮੰਗ ਕੀਤੀ



ਹੈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਮੌਕੇ ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਪੰਜਾਬ ਦੇ ਤਹਿਸੀਲਦਾਰਾਂ ਨੇ ਭਲਕੇ 3 ਮਾਰਚ ਨੂੰ ਹੜਤਾਲ ਤੇ ਜਾਣ ਦਾ ਕੀਤਾ ਐਲਾਨ




ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਦੀਆਂ ਸਾਰੀਆਂ ਤਹਿਸੀਲਾਂ ਵਿੱਚ ਭਲਕੇ ਯਾਨੀ 3 ਮਾਰਚ ਨੂੰ ਕਲਮ ਨਹੀਂ ਚਲੇਗੀ। ਜੀ ਹਾਂ ਪੰਜਾਬ ਦੀਆਂ ਸਾਰੀਆਂ ਤਹਿਸੀਲਾ ਚ ਤਹਿਸੀਲਦਾਰਾਂ ਵੱਲੋਂ ਭਲਕੇ ਸਮੂਹਿਕ ਹੜਤਾਲ ਤੇ ਜਾਣ ਦਾ ਐਲਾਨ ਕੀਤਾ ਗਿਆ ਹੈ। ਇਹ ਜਾਣਕਾਰੀ ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਦਿੱਤੀ ਗਈ ਹੈ। ਕੱਲ੍ਹ ਤਹਿਸੀਲਾਂ ਚ ਕਿਸੇ ਵੀ ਪ੍ਰਕਾਰ ਦਾ ਕੋਈ ਕੰਮ-ਕਾਜ ਨਹੀਂ ਹੋਵੇਗਾ। ਜਿਸ ਨਾਲ ਆਮ ਲੋਕਾਂ ਨੂੰ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਸਰਕਾਰ ਅਤੇ ਵਿਜੀਲੈਂਸ ਵਿਭਾਗ ਦੀ ਕਾਰਵਾਈ ਦੀ ਨਿੰਦਾ ਕਰਦੇ ਹੋਏ ਸਮੂਹਿਕ ਛੁੱਟੀ ਤੇ ਜਾਣ ਦਾ

# ਐਂਟੀ ਡਰੱਗ ਕੈਬਨਿਟ ਸਬ-ਕਮੇਟੀ ਨੇ ਸਰਹੱਦ ਪਾਰ ਤੋਂ ਨਸ਼ਾ ਤਸਕਰੀ ਨਾਲ ਨਜਿੱਠਣ ਲਈ ਐਂਟੀ ਡਰੋਨ ਤਕਨਾਲੋਜੀ ਦੇ ਲਏ

ਚੰਡੀਗੜ੍ਹ, (ਲੋਕ ਬਾਣੀ):ਯੁੱਧ ਨਸ਼ੇ ਦੇ ਵਿਰੁੱਧ ਮੁਹਿੰਮ ਦੀ ਅਗਵਾਈ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ, ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਫੈਸਲਾਕੁੰਨ ਜੰਗ ਤਹਿਤ ਪੰਜਾਬ ਪੁਲਿਸ ਨੂੰ ਜਲਦ ਹੀ ਸਰਹੱਦ ਪਾਰ ਤੋਂ ਹੁੰਦੀ ਨਸ਼ਿਆਂ ਦੀ ਤਸਕਰੀ ਨੂੰ ਨੱਥ ਪਾਉਣ ਲਈ ਅਤਿ ਆਧੁਨਿਕ ਐਂਟੀ-ਡਰੋਨ ਤਕਨਾਲੋਜੀ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਇਹ ਐਲਾਨ ਪੰਜਾਬ ਪੁਲਿਸ ਵੱਲੋਂ ਪੀਸੀਏ ਸਟੇਡੀਅਮ, ਮੁੱਲਾਂਪੁਰ ਵਿਖੇ ਕੀਤਾ ਜਿੱਥੇ ਜਨਤਕ ਅਤੇ ਨਿੱਜੀ ਖੇਤਰ ਦੀਆਂ ਤਿੰਨ ਕੰਪਨੀਆਂ ਨੇ ਆਪਣੀਆਂ ਅਤਿ-ਆਧੁਨਿਕ ਐਂਟੀ-ਡਰੋਨ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਅਮਨ ਅਰੋੜਾ, ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ, ਗੌਰਵ ਯਾਦਵ ਅਤੇ ਸੀਨੀਅਰ ਸਿਵਲ ਅਤੇ ਪੁਲਿਸ ਅਧਿਕਾਰੀ ਹਾਜ਼ਰ ਸਨ।

ਇਸ ਮੌਕੇ ਮੀਡੀਆ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਤਿੰਨੋਂ ਕੰਪਨੀਆਂ ਨੇ ਪਾਕਿਸਤਾਨ ਨਾਲ ਲੱਗਦੀ ਚੁਣੌਤੀਪੂਰਨ ਸਰਹੱਦ ਤੇ ਨਸ਼ੀਲੇ ਪਦਾਰਥਾਂ, ਹਥਿਆਰਾਂ ਅਤੇ ਵਿਸਫੋਟਕਾਂ ਦੀ ਸਰਹੱਦ ਪਾਰੋਂ ਡਰੋਨਾਂ ਰਾਹੀ ਹੋ ਰਹੀ ਤਸਕਰੀ ਨੂੰ ਰੋਕਣ ਲਈ ਤਿਆਰ ਕੀਤੀਆਂ ਗਈਆਂ ਆਪਣੀਆਂ ਆਧੁਨਿਕ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇੰਨ੍ਹਾਂ ਕੰਪਨੀਆਂ ਵੱਲੋਂ ਪ੍ਰਦਰਸ਼ਤ ਕੀਤੀਆਂ ਗਈਆਂ ਐਂਟੀ-ਡ੍ਰੋਨ ਤਕਨਾਲੋਜੀਆਂ ਵਿੱਚ ਪੋਰਟੇਬਲ, ਮੋਬਾਈਲ ਅਤੇ ਸਟੇਸ਼ਨਰੀ ਤਕਨੀਕਾਂ ਸ਼ਾਮਲ ਸਨ ਅਤੇ ਹਰੇਕ ਤਕਨੀਕ ਡਰੋਨ ਨੂੰ ਵੱਖ-



ਵੱਖ ਦੂਰੀਆਂ ਤੇ ਵੇਖਣ ਅਤੇ ਰੋਕਣ ਦੇ ਸਮਰੱਥ ਹੈ। ਉਨ੍ਹਾਂ ਕਿਹਾ ਕਿ ਇਹ ਤਕਨਾਲੋਜੀਆਂ ਡਰੋਨ ਨੂੰ ਹਵਾ ਵਿੱਚ ਹੀ ਰੋਕਣ ਅਤੇ ਡੇਗਣ ਲਈ ਇਸ ਤਰਾਂ ਤਿਆਰ ਕੀਤੀਆਂ ਗਈਆਂ ਹਨ ਕਿ ਸਰਹੱਦ ਪਾਰ ਤੋਂ ਡਰੱਗ ਸਪਲਾਈ ਨੂੰ ਤੋੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਖ਼ਤਮ ਕਰਨ ਦੇ ਉਦੇਸ਼ ਨਾਲ ਰਾਜ ਸਰਕਾਰ ਵੱਲੋਂ ਵਿੱਢੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਮਜ਼ਬੂਤ ਕਰੇਗੀ।

ਜਨਤਕ ਜਾਂ ਨਿੱਜੀ ਖੇਤਰ ਤੋਂ ਨਵੀਨਤਮ ਡਰੋਨ ਵਿਰੋਧੀ ਤਕਨਾਲੋਜੀ ਪ੍ਰਾਪਤ ਕਰਨ ਦੀ ਇਜਾਜ਼ਤ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਪੁਲਿਸ ਦੇ ਮਾਹਿਰ ਕੇਂਦਰੀ ਸੁਰੱਖਿਆ ਏਜੰਸੀਆਂ ਨਾਲ ਸਲਾਹ-ਮਸ਼ਵਰਾ ਕਰਕੇ ਜਲਦੀ ਹੀ ਲੋੜੀਂਦੀ ਪ੍ਰਣਾਲੀ ਅਤੇ ਸਾਜੋ-ਸਮਾਨ ਦੀ ਖਰੀਦ ਨੂੰ ਅੰਤਿਮ ਰੂਪ ਦੇਣਗੇ।ਇਸ ਦੌਰਾਨ ਪੱਤਰਕਾਰਾਂ ਦੇ ਸਵਾਲ ਦਾ ਜਵਾਬ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਨਸ਼ਿਆਂ ਅਤੇ ਹਥਿਆਰਾਂ ਦੀ ਸਰਹੱਦ ਪਾਰ ਤੋਂ ਹੋਣ ਵਾਲੀ ਤਸਕਰੀ ਨੂੰ ਰੋਕਣਾ ਕੇਂਦਰ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ ਕਿਉਂਕਿ ਕੌਮਾਂਤਰੀ ਸਰਹੱਦ ਦੇ ਨਾਲ ਲੱਗਦੇ 50 ਕਿਲੋਮੀਟਰ ਦਾ ਇਲਾਕਾ ਬੀ.ਐਸ.ਐਫ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ ਪਰ ਹੁਣ ਤੱਕ ਉਨ੍ਹਾਂ ਵੱਲੋਂ ਕੀਤੀਆਂ ਕੋਸ਼ਿਸ਼ਾਂ ਵਿੱਚ 100 ਫੀਸਦੀ ਕਾਮਯਾਬੀ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਸਰਹੱਦ ਪਾਰ ਤੋਂ ਅੱਤਵਾਦ, ਖਾਸ ਕਰਕੇ ਨਾਰਕੋਟੈਰੋਰਿਜ਼ਮ ਦੀਆਂ ਨਾਪਾਕ ਕੋਸ਼ਿਸ਼ਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਸੂਬੇ ਦੀ ਦੂਜੀ ਰੱਖਿਆ ਪੰਕਤੀ ਨੂੰ ਹੋਰ ਮਜ਼ਬੂਤ ਕਰਨਾ ਹੈ।

ਉਨ੍ਹਾਂ ਕਿਹਾ ਕਿ ਸੂਬੇ ਨੇ ਨਸ਼ਾ ਤਸਕਰਾਂ ਵਿਰੁੱਧ ਆਰ ਪਾਰ ਦੀ ਲੜਾਈ ਲਈ ਰਣਨੀਤੀ ਤਿਆਰ ਕੀਤੀ ਹੈ ਅਤੇ ਭਰੋਸਾ ਦਿਵਾਇਆ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹੋਂ ਖ਼ਤਮ ਕਰਨ ਦੀ ਇਹ ਮੁਹਿੰਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਦੀ ਸੋਚ ਅਨੁਸਾਰ ਚਲਾਈ ਜਾ ਰਹੀ ਹੈ।

# ਵਿਜੀਲੈਂਸ ਬਿਊਰੋ ਨੇ 20000 ਰੁਪਏ ਰਿਸ਼ਵਤ ਲੈਂਦੇ ਪਟਵਾਰੀ ਤੇ ਉਸਦੇ ਸਾਥੀ ਨੂੰ ਕੀਤਾ ਗ੍ਰਿਫਤਾਰ



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਤਹਿਤ ਮੰਗਲਵਾਰ ਨੂੰ ਪਟਿਆਲਾ ਜ਼ਿਲ੍ਹੇ ਦੀ ਤਹਿਸੀਲ ਰਾਜਪੁਰਾ ਦੇ ਮਾਲ ਹਲਕਾ ਸ਼ਾਮਦੋ ਵਿਖੇ ਤਾਇਨਾਤ ਪਟਵਾਰੀ ਅਸ਼ੋਕ ਕੁਮਾਰ ਅਤੇ ਉਸਦੇ ਕਾਰਿੰਦੇ ਗੁਰਜੀਤ ਸਿੰਘ ਨੂੰ 20000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਕੇਸ ਪਟਿਆਲਾ ਜ਼ਿਲ੍ਹੇ ਦੇ ਪਿੰਡ ਸ਼ੇਖਪੁਰਾ ਰਾਜਪੂਤਾਂ ਦੇ ਵਸਨੀਕ ਵੱਲੋਂ ਦਰਜ ਕੀਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਕਤ ਪਟਵਾਰੀ ਅਤੇ ਉਸਦੇ ਸਾਥੀ (ਏਜੰਟ) ਨੇ ਸ਼ਿਕਾਇਤਕਰਤਾ ਦੀ ਜ਼ਮੀਨ ਨਾਲ ਸਬੰਧਤ 'ਜਮਾਬੰਦੀ' ਰਿਕਾਰਡ ਵਿੱਚ ਸੋਧ ਕਰਨ ਲਈ 20000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਵਿੱਚ ਦੋਸ਼ਾਂ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਤੇ ਉਕਤ ਮੁਲਜ਼ਮ ਪਟਵਾਰੀ ਅਤੇ ਉਸਦੇ ਕਾਰਿੰਦੇ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 20000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਥਾਣਾ, ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਸ ਕੇਸ ਦੀ ਹੋਰ ਜਾਂਚ ਜਾਰੀ ਹੈ।

# ਵਧੀਕ ਡਿਪਟੀ ਕਮਿਸ਼ਨਰ ਦੀ ਅਗਵਾਈ ਵਿੱਚ ਸੜਕ ਸੁਰੱਖਿਆ ਸਬੰਧੀ ਜਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ

ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼)



ਸੜਕ ਹਾਦਸਿਆਂ ਦੇ ਦਾਅਵਿਆਂ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਅਤੇ ਹਾਦਸਿਆਂ ਨਾਲ ਸਬੰਧਤ ਡਾਟਾ ਬੇਸ ਤਿਆਰ ਕਰਨ ਲਈ ਜ਼ਿਲ੍ਹੇ ਵਿੱਚ ਈ.ਡੀ.ਏ.ਆਰ ਪੋਰਟਲ ਦੀ ਸ਼ੁਰੂਆਤ ਹੋ ਗਈ ਹੈ। ਇਸ ਗੱਲ ਦੀ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਦਿੱਤੀ । ਉਨ੍ਹਾਂ ਪੋਰਟਲ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਇਹ ਪੋਰਟਲ ਖਾਸ ਤੌਰ ਤੇ ਆਈ ਆਰ ਏ ਡੀ ਐਪਲੀਕੇਸ਼ਨ ਦੇ ਵਿਸਥਾਰ ਵਜੋਂ ਇੱਕ ਏਕੀਕ੍ਰਿਤ ਪੋਰਟਲ ਹੈ। ਇਸ ਦਾ ਉਦੇਸ਼ ਦੇਸ਼ ਦੇ ਹਰ ਹਿੱਸੇ ਤੋਂ ਦੁਰਘਟਨਾ ਡੇਟਾਬੇਸ ਨੂੰ ਇਕੱਠਾ ਕਰਕੇ ਸੜਕ ਸੁਰੱਖਿਆ ਨੂੰ ਬਿਹਤਰ ਬਣਾਉਣਾ ਹੈ।

ਸਿਵਲ ਅਤੇ ਟ੍ਰੈਫਿਕ ਪੁਲਿਸ ਅਧਿਕਾਰੀਆਂ ਨਾਲ ਰਿਕਵਰੀ/ ਸੇਫ਼ ਵਾਹਨ ਸਕੀਮ/ਜ਼ਿਲ੍ਹਾ ਰੋਡ ਸੇਫਟੀ ਸਕੀਮ ਤਹਿਤ ਮੀਟਿੰਗ ਕਰਦਿਆ ਉਨ੍ਹਾਂ ਹਦਾਇਤ ਕੀਤੀ ਕਿ ਜਦੋਂ ਵੀ ਸੜਕ ਹਾਦਸਾ ਹੁੰਦਾ ਹੈ ਤਾਂ ਇਸ ਪੋਰਟਲ ਉੱਤੇ ਪੁਲਿਸ, ਸੜਕ ਸੁਰੱਖਿਆ ਫੋਰਸ ਅਤੇ ਸਿਹਤ ਵਿਭਾਗ ਵੱਲੋਂ ਇੰਦਰਾਜ਼ ਕਰਨ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਹਾਦਸੇ ਦੀ ਡੀਟੇਲ ਇਸ ਪੋਰਟਲ ਉੱਤੇ ਭਰਨ ਨਾਲ ਦੇਸ਼ ਪੱਧਰ ਉੱਤੇ ਹੁੰਦੇ ਸੜਕ ਹਾਦਸਿਆਂ ਦਾ ਡਾਟਾ ਬੇਸ ਤਿਆਰ ਹੋਵੇਗਾ ਜੋ ਕਿ ਸੜਕੀ ਹਾਦਸਿਆਂ ਦੀ ਦਰ ਵਿੱਚ ਹੋਰ ਕਮੀ ਲਿਆਉਣ ਲਈ ਸਾਧਰਕ ਰਣਨੀਤੀ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ ।

ਲੋਕ ਬਾਣੀ

ਉਹਨਾਂ ਕਿਹਾ ਕਿ ਸੇਫ ਸਕੂਲ ਵਾਹਨ ਪਾਲਿਸੀ ਨੂੰ ਇੰਨ ਬਿੰਨ ਲਾਗੂ ਕਰਵਾਉਣ ਲਈ ਚੈਕਿੰਗਾਂ ਕੀਤੀਆਂ ਜਾਣ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਇਸ ਪਾਲਸੀ ਤਹਿਤ ਕੋਈ ਸਾਂਝੇ ਸਥਾਨ ਦੀ ਪਛਾਣ ਕਰਕੇ ਸਕੂਲੀ ਬੱਚਿਆ ਨੂੰ ਲੈ ਕੇ ਜਾਣ ਵਾਲੇ ਵਾਹਨ ਚਾਲਕਾਂ ਨੂੰ ਟਰੈਫਿਕ ਰੂਲਾਂ ਸਬੰਧੀ ਜਾਗਰੂਕ ਕਰਨ ਅਤੇ ਪਛਾਣ ਚਿੰਨਾਂ ਦੀ ਜਾਣਕਾਰੀ ਦੇਣ ਨੂੰ ਯਕੀਨੀ ਬਣਾਇਆ ਜਾਵੇ । ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਸਕੂਲੀ ਵਾਹਨ ਚਾਲਕਾਂ ਦੀ ਸਿਹਤ ਦੀ ਜਾਂਚ ਲਈ ਵਿਸ਼ੇਸ ਕੈਂਪ ਆਯੋਜਨ ਕਰਨ ਦੀ ਵੀ ਹਦਾਇਤ ਕੀਤੀ ।

ਵਧੀਕ ਡਿਪਟੀ ਕਮਿਸ਼ਨਰ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਉਹ ਸੜਕ ਆਵਾਜਾਈ ਦੌਰਾਨ ਨਿਯਮਾਂ ਦੀ ਪਾਲਣਾ ਕਰਨੀ ਯਕੀਨੀ ਬਣਾਉਣ।

ਇਸ ਮੌਕੇ ਐਸ.ਡੀ.ਐਮ. ਮਾਲੇਰਕੋਟਲਾ ਹਰਬੰਸ ਸਿੰਘ,ਐਸ.ਡੀ.ਐਮ. ਅਮਰਗੜ੍ਹ ਸੁਰਿੰਦਰ ਕੌਰ,ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ,ਐਸ.ਪੀ ਸਵਰਨਜੀਤ ਕੌਰ, ਡਿਪਟੀ ਮੈਡੀਕਲ ਕਮਿਸ਼ਨਰ ਡਾ ਰੇਸ਼ਮਾ ਭੌਰਾ, ਡੀ.ਐਸ.ਪੀ. ਰਣਜੀਤ ਸਿੰਘ ,ਕਾਰਜ ਸਾਧਕ ਅਫ਼ਸਰ ਵਿਕਾਸ ਉਪਲ, ਕਾਰਜ ਸਾਧਕ ਅਫ਼ਸਰ ਅਪਰਅਪਾਰ ਸਿੰਘ, ਐਸ. ਡੀ.ਓ(ਪੀ.ਡਬਲਿਊ.ਡੀ) ਇੰਜ.ਬਲਰਾਜ ਸਿੰਘ ਤੋਂ ਇਲਾਵਾ ਵੱਖ -ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ ।

# ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਹਿਮਦਗੜ੍ਹ ਵੱਲੋਂ ਖਾਦਾਂ ਦੀਆਂ ਦੁਕਾਨਾਂ ਦੇ ਭਰੇ ਸੈਂਪਲ

ਮਾਲੇਰਕੋਟਲਾ -(ਕਿੰਮੀ ਅਰੋੜਾ,ਅਸਲਮ ਨਾਜ਼)



ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਹਿਮਦਗੜ੍ਹ ਦੀ ਟੀਮ ਵੱਲੋਂ ਡਿਪਟੀ ਕਮਿਸ਼ਨਰ ਵਿਰਾਜ. ਐਸ.ਤਿੜਕੇ ਦੀ ਅਗਵਾਈ ਅਤੇ ਮੁੱਖ ਖੇਤੀਬਾੜੀ ਅਫਸਰ ਡਾ ਧਰਮਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਖੇਤੀਬਾੜੀ ਬਲਾਕ ਅਹਿਮਦਗੜ੍ਹ ਅਧੀਨ ਆਉਂਦੀਆਂ ਖਾਦਾਂ ਦੀਆ ਦੁਕਾਨਾਂ ਤੋਂ ਵੱਖ-ਵੱਖ ਕੰਪਨੀਆਂ ਦੀਆਂ ਵਿੱਕ ਰਹੀਆ ਖਾਦਾਂ ਦੇ ਨਮੂਨੇ ਲਏ ਗਏ ਤਾਂ ਜੋ ਬਾਜ਼ਾਰ ਚੋਂ ਨਕਲੀ ਅਤੇ ਗੈਰ ਮਿਆਰੀ ਖਾਦਾਂ ਦੀ ਵਿਕਰੀ ਨੂੰ ਰੋਕਿਆ ਜਾ ਸਕੇ ਅਤੇ ਕਿਸੇ ਵੀ ਕਿਸਾਨ ਨੂੰ ਨਕਲੀ ਖਾਦਾਂ ਨਾਲ ਵਿੱਤੀ ਨੁਕਸਾਨ ਨਾ ਹੋਵੇ।

ਲੋਕ ਬਾਣੀ

ਇਸ ਮੌਕੇ ਖੇਤੀਬਾੜੀ ਵਿਕਾਸ ਅਫ਼ਸਰ, ਅਹਿਮਦਗੜ ਨਵਦੀਪ ਕੁਮਾਰ ਨੇ ਵੱਖ-ਵੱਖ ਦੁਕਾਨਾਂ ਵਿੱਚ ਉਪਲਬਧ ਖਾਦਾਂ ਦੀ ਜਾਂਚ ਕੀਤੀ ਅਤੇ ਭਰੇ ਗਏ ਨਮੂਨੇ ਟੈਸਟਿੰਗ ਲਈ ਲੈਬਾਰਟਰੀ ਭੇਜੇ ਗਏ। ਉਹਨਾਂ ਕਿਹਾ ਕਿ ਖੇਤੀਬਾੜੀ ਵਿਭਾਗ ਦਾ ਮੁੱਖ ਉਦੇਸ਼ ਕਿਸਾਨ ਭਲਾਈ ਹੈ, ਇਸੇ ਮਕਸਦ ਦੀ ਪੂਰਤੀ ਲਈ ਸ਼ਹਿਰ ਵਿੱਚ ਕਿਸੇ ਵੀ ਗੈਰ ਮਿਆਰੀ ਖਾਦ ਦੀ ਵਿਕਰੀ ਨਹੀਂ ਹੋਣ ਦਿੱਤੀ ਜਾਵੇਗੀ । ਕੁਆਲਿਟੀ ਕੰਟਰੋਲ ਤਹਿਤ ਭਰੇ ਜਾ ਰਹੇ ਸੈਂਪਲਾਂ ਦਾ ਮੁੱਖ ਮਕਸਦ ਕਿਸਾਨਾਂ ਨੂੰ ਵਧੀਆ ਮਿਆਰੀ ਖਾਦਾਂ ਮੁਹੱਈਆ ਕਰਵਾਉਣਾ ਹੈ । ਭਵਿੱਖ ਵਿੱਚ ਵੀ ਵਿਭਾਗ ਵੱਲੋਂ ਵੱਖ- ਵੱਖ ਦੁਕਾਨਾਂ ਤੋਂ ਸੈਂਪਲ ਲੈ ਕੇ ਟੈਸਟਿੰਗ ਲਈ ਗੁਪਤ ਰੂਪ ਚ ਲੈਬਾਰਟਰੀ ਨੂੰ ਭੇਜੇ ਜਾਂਦੇ ਰਹਿਣਗੇ, ਜੇਕਰ ਲੈਬ ਰਿਪੋਰਟ ਵਿਚ ਖਾਦ ਗੈਰ ਮਿਆਰੀ ਪਾਈ ਗਈ ਤਾਂ ਉਸ ਖਾਦ ਡੀਲਰ ਖਿਲਾਫ ਵਿਭਾਗੀ ਕਾਨੂੰਨਾਂ/ ਐਕਟਾਂ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ ।

ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਰਾਕੇਸ਼ ਕੁਮਾਰ, ਹਰਕੀਰਤ ਸਿੰਘ, ਹਰਮਿੰਦਰ ਸਿੰਘ, ਤਰਨਦੀਪ ਸਿੰਘ ਮੌਜੂਦ ਸਨ।

# ਸਿਹਤ ਸੰਸਥਾਵਾਂ 'ਚ ਮਰੀਜ਼ਾਂ ਨੂੰ ਮਿਲਣ ਵਾਲੀਆਂ ਸਹੂਲਤਾਂ 'ਚ ਸੁਧਾਰ ਸਬੰਧੀ 2 ਰੋਜ਼ਾ ਸਿਖਲਾਈ ਸੈਸ਼ਨ ਸਮਾਪਤ




ਮਲੇਰਕੋਟਲਾ, -(ਕਿੰਮੀ ਅਰੋੜਾ,ਅਸਲਮ ਨਾਜ਼) ਜ਼ਿਲ੍ਹੇ ਦੀਆਂ ਸਿਹਤ ਸੰਸਥਾਵਾਂ ਵਿੱਚ ਮਰੀਜ਼ਾਂ ਨੂੰ ਮਿਲਣ ਵਾਲੀਆਂ ਸਿਹਤ ਸਹੂਲਤਾਂ ਵਿੱਚ ਹੋਰ ਸੁਧਾਰ ਲਿਆਉਣ ਲਈ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਵੱਲੋਂ ਜ਼ਿਲ੍ਹਿਆਂ 'ਚ ਉਲੀਕੀ ਗਈ ਸਿਖਲਾਈ ਦੀ ਲੜੀ ਤਹਿਤ ਜ਼ਿਲ੍ਹਾ ਮਲੇਰਕੋਟਲਾ 'ਚ ਦੋ ਰੋਜ਼ਾ ਸਿਖਲਾਈ ਸੈਸ਼ਨ ਹੋਟਲ ਉੱਤਮ 'ਚ ਸਿਵਲ ਸਰਜਨ ਡਾ. ਸੰਜੇ ਗੋਇਲ ਦੀ ਅਗਵਾਈ 'ਚ ਇਨਟਰਨਲ ਅਸੈਸਰ ਤਹਿਤ ਕੀਤਾ ਗਿਆ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਰਿਸ਼ਮਾ ਭੌਰਾ ਨੇ ਸਿਖਲਾਈ ਸੈਸ਼ਨ ਦੀ ਸਮਾਪਤੀ ਕਰਦਿਆਂ ਕਿਹਾ ਕਿ ਇਸ ਦੋ ਰੋਜ਼ਾ ਸਿਖਲਾਈ ਸੈਸ਼ਨ ਵਿੱਚ ਸਿਹਤ ਵਿਭਾਗ ਦੇ ਡਾਕਟਰਾਂ, ਫ਼ਾਰਮੇਸੀ ਅਫ਼ਸਰਾਂ, ਸਟਾਫ਼ ਨਰਸਾਂ, ਐਲ.ਟੀ, ਰੇਡੀਓਗ੍ਰਾਫ਼ਰ, ਸੀ.ਐਚ.ਓਜ਼ ਦੀ ਸਿਖਲਾਈ ਕਰਵਾਈ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਤਹਿਤ ਲੋਕਾਂ ਨੂੰ ਮਿਲਣ ਵਾਲੀਆਂ ਸਿਹਤ ਸੇਵਾਵਾਂ ਅਤੇ ਸਿਹਤ ਸੰਸਥਾਵਾਂ ਦੇ ਬੁਨਿਆਦੀ ਢਾਂਚੇ ਵਿੱਚ ਹੋਰ ਸੁਧਾਰ ਲਿਆਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਸਟੇਟ ਅਸੈਸਰ ਡਾ. ਨਿਤਿਆ ਕੁਮਾਰ ਦਾਸ ਅਤੇ ਸਟੇਟ ਅਸੈਸਰ ਸਨੇਹ ਲਤਾ ਦੁਆਰਾ ਐਮਰਜੈਂਸੀ, ਲੇਬਰ ਰੂਮ ਅਤੇ ਐਸਐਨਸੀਯੂ ਦੀਆਂ ਸੇਵਾਵਾਂ ਵਿਚ ਸੁਧਾਰ ਲਿਆਉਣ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਕਿਸੇ ਵੀ ਮਰੀਜ਼ ਦੀ ਫਾਇਲ ਬਣਾਉਣ ਸਮੇਂ ਫਾਇਲ ਤੇ ਬਣੇ ਸਾਰੇ ਕਾਲਮ ਚੰਗੀ ਤਰ੍ਹਾਂ ਭਰੇ ਜਾਣ ਤਾਂ ਜੋ ਮਰੀਜ਼ ਦੇ ਕੇਸ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਵੇ। ਇਸ ਤੋਂ ਬਾਅਦ ਏ.ਐਚ.ਏ ਪੂਜਾ ਬਾਲਾ, ਜ਼ਿਲ੍ਹਾ ਅਸੈਸਰ ਡਾ. ਅੰਮ੍ਰਿਤਪਾਲ ਸਿੰਘ ਅਤੇ ਡਾ. ਵਾਹਿਦ ਮੁਹੰਮਦ ਵੱਲੋਂ ਓ.ਪੀ.ਡੀ, ਫਾਰਮੇਸੀ ਵਿਭਾਗ ਅਤੇ ਓ.ਟੀ ਵਿਭਾਗ ਵਿੱਚ ਮਿਆਰੀ ਸੁਧਾਰ ਲਿਆਉਣ ਸਬੰਧੀ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਭ ਤੋਂ ਪਹਿਲਾਂ ਸਿਹਤ ਸੰਸਥਾਵਾਂ ਵਿੱਚ ਹਰ ਇਕ ਵਿਭਾਗ ਦਾ ਨਾਮ ਅਤੇ ਹਸਪਤਾਲ ਦੇ ਬਾਕੀ ਹਿੱਸਿਆਂ ਨੂੰ ਪੰਜਾਬੀ ਭਾਸ਼ਾ ਵਿਚ ਲਿਖਿਆ ਜਾਵੇ ਤਾਂ ਜ਼ੋ ਮਰੀਜ਼ਾਂ ਨੂੰ ਕਿਸੇ ਵੀ ਤਰਾਂ ਦੀ ਮੁਸ਼ਕਿਲ ਪੇਸ਼ ਨਾ ਆਵੇ। ਉਪਰੋਕਤ ਤੋਂ ਇਲਾਵਾ ਡਾ. ਅਨਮਦੀਪ ਸਿੰਘ ਅਤੇ ਰੇਡੀਓਗ੍ਰਾਫਰ ਨਵਜੋਤ ਕੌਰ ਨੇ ਵੀ 2 ਰੋਜ਼ਾ ਸਿਖਲਾਈ 'ਚ ਹਿੱਸਾ ਲੈਣ ਵਾਲਿਆਂ ਨੂੰ ਸੁਧਾਰ ਸਬੰਧੀ ਵਿਸਥਾਰ 'ਚ ਜਾਣਕਾਰੀ ਦਿੱਤੀ। ਟ੍ਰੇਨਿੰਗ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਡਾ. ਜਗਜੀਤ ਸਿੰਘ, ਬਲਾਕ ਐਜੂਕੇਟਰ ਰਣਧੀਰ ਸਿੰਘ ਢੰਡੇ ਅਤੇ ਜਿਲ੍ਹਾ ਕੰਮਿਊਨਟੀ ਮੁਬਲਾਈਜਰ ਸੋਹਾਵਾ ਸਿੰਘ ਮਾਨ ਹਾਜ਼ਰ ਹੋਏ।

ਲੋਕ ਬਾਣੀ

# ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਜ਼ੀਰੋ ਵੇਸਟ ਸਟ੍ਰੈਟਿਜ਼ੀਜ਼ ਫਾਰ ਸਸਟੇਨੇਬਲ ਫਿਊਚਰ' ਵਿਸ਼ੇ ਤੇ ਵਰਕਸ਼ਾਪ ਦਾ ਆਯੋਜਨ

ਫਗਵਾੜਾ (ਸੁਸ਼ੀਲ ਸ਼ਰਮਾ) ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਜ਼ੀਰੋ ਵੇਸਟ ਸਟ੍ਰੈਟਿਜ਼ੀਜ਼ ਫਾਰ ਸਸਟੇਨੇਬਲ ਫਿਊਚਰ ਵਿਸ਼ੇ ਤੇ ਵਰਕਸ਼ਾਪ ਦਾ ਆਯੋਜਨ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਉਦੇਸ਼ ਵਾਤਾਵਰਨ ਸਥਿਰਤਾ ਅਤੇ ਰਹਿੰਦ-ਖੂਹੰਦ ਦਾ ਪ੍ਰਬੰਧਨ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦੇਣਾ ਸੀ। ਇਹ ਵਰਕਸ਼ਾਪ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ ਅਤੇ ਈਕੋ ਕਲੱਬ ਦਾ ਸਾਂਝਾ ਉਪਰਾਲਾ ਸੀ। ਇਸ ਵਰਕਸ਼ਾਪ ਵਿੱਚ ਅਧਿਆਪਕਾਂ ਅਤੇ ਬੀ.ਐੱਡ. ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ




ਵਰਕਸ਼ਾਪ ਦੇ ਰਿਸੋਰਸ ਪਰਸਨ, ਵਾਤਾਵਰਣ ਚਿੰਤਕ ਸ਼੍ਰੀਮਤੀ ਮੀਨਲ ਵਰਮਾ ਸੀ। ਇਸ ਵਰਕਸ਼ਾਪ ਦੀ ਸ਼ੁਰੂਆਤ ਬੀ.ਐਂਡ.ਵਿਦਿਆਰਥਣ ਹਰਲੀਨ ਕੌਰ ਦੁਆਰਾ ਰਿਸੋਰਸ ਪਰਸਨ ਅਤੇ ਭਾਗੀਦਾਰਾਂ ਦੇ ਨਿੱਘੇ ਸਵਾਗਤੀ ਭਾਸ਼ਣ ਅਤੇ ਸ਼ੁੱਭ ਕਾਮਨਾਵਾਂ ਨਾਲ ਹੋਈ। ਰਿਸੋਰਸ ਪਰਸਨ ਨੇ ਇੱਕ ਰੌਚਕ ਅਤੇ ਜਾਣਕਾਰੀ ਭਰਪੂਰ ਸੈਸ਼ਨ ਦਾ ਆਯੋਜਨ ਕੀਤਾ। ਜਿਸ ਵਿੱਚ ਰਿਸੋਰਸ ਪਰਸਨ ਨੇ ਰਹਿੰਦ-ਖੂਹੰਦ ਦਾ ਪ੍ਰਬੰਧਨ ਅਤੇ ਇਸਨੂੰ ਘਟਾਉਣ ਅਤੇ ਟਿਕਾਊ ਜੀਵਨ ਸ਼ੈਲੀ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਸਨੇ ਜ਼ੀਰੋ ਕਚਰਾ ਜੀਵਨ ਸ਼ੈਲੀ ਪ੍ਰਾਪਤ ਕਰਨ ਲਈ ਵੱਖ-ਵੱਖ ਵਿਹਾਰਕ ਰਣਨੀਤੀਆਂ ਬਾਰੇ ਵਿਸਥਾਰਪੂਰਵਕ ਸਮਝਾਇਆ। ਜਿਸ ਵਿੱਚ ਕੂੜੇ ਨੂੰ ਵੱਖ ਕਰਨ, ਖਾਦ ਬਣਾਉਣ ਅਤੇ ਜ਼ਹਿਰੀਲੇ ਰਹਿੰਦ-ਖੂਹੰਦ ਦੀ ਘੱਟੋ-ਘੱਟ ਵਰਤੋਂ 'ਤੇ ਜ਼ੋਰ ਦਿੱਤਾ। ਉਹਨਾਂ ਨੇ ਵਿਦਿਆਰਥੀਆਂ ਨੂੰ ਪਲਾਸਟਿਕ ਦੀ ਵਰਤੋ ਘਟਾਉਣ, ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਭਾਈਚਾਰਕ ਜਾਗਰੂਕਤਾ ਫੈਲਾਉਣ ਵਰਗੀਆ ਵਾਤਾਵਰਣ ਅਨੁਕੂਲ ਆਦਤਾਂ ਅਪਨਾਉਣ ਲਈ ਵੀ ਉਤਸ਼ਾਹਿਤ ਕੀਤਾ ਇਹ ਵਰਕਸ਼ਾਪ ਚਾਹਵਾਨ ਸਿੱਖਿਅਕਾਂ ਵਿੱਚ ਸਥਿਰਤਾ ਅਤੇ ਰਹਿੰਦ-ਖੂੰਹਦ ਪ੍ਰਬੰਧਨ ਦੇ ਸਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਸੀ। ਭਾਗੀਦਾਰਾਂ ਨੇ ਆਪਣੇ ਰੋਜ਼ਾਨਾ ਜੀਵਨ ਵਿੱਚ ਜ਼ੀਰੋ ਵੇਸਟ ਰਣਨੀਤੀਆਂ ਨੂੰ ਲਾਗੂ ਕਰਨ ਅਤੇ ਦੂਜਿਆਂ ਨੂੰ ਵਾਤਾਵਰਨ ਦੀ ਸੰਭਾਲ ਦੀ ਮਹੱਤਤਾ ਬਾਰੇ ਸਿੱਖਿਅਤ ਕਰਨ ਲਈ ਨਵੀਂ ਪ੍ਰੇਰਨਾ ਨਾਲ ਸੈਸ਼ਨ ਛੱਡਿਆ। ਵਰਕਸ਼ਾਪ ਦੇ ਅੰਤ ਵਿੱਚ ਵਿਦਿਆਰਥਣ ਸਿਨਵਿੰਦਰ ਕੌਰ ਨੇ ਰਿਸੋਰਸ ਪਰਸਨ ਦੁਆਰਾ ਆਪਣੀ ਮੁਹਾਰਤ ਸਾਂਝੀ ਕਰਨ ਅਤੇ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਲਈ ਧੰਨਵਾਦ ਪ੍ਰਗਟ ਕੀਤਾ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਅਧਿਆਪਕਾਂ ਵਿੱਚ ਵਾਤਾਵਰਨ ਸਬੰਧੀ ਜਿੰਮੇਵਾਰੀ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਜਿਸ ਨਾਲ ਉਹ ਆਉਣ ਵਾਲੀਆਂ ਪੀੜ੍ਹੀਆਂ ਨੂੰ ਜਾਗਰੁਕ ਅਤੇ ਸਥਿਰ ਜੀਵਨ ਸ਼ੈਲੀ ਵੱਲ ਸੇਧਿਤ ਕਰ ਸਕਦੇ ਹਨ। ਉਹਨਾਂ ਨੇ ਇੱਕ ਟਿਕਾਊ ਭਵਿੱਖ ਨੂੰ ਆਕਾਰ ਦੇਣ ਵਿੱਚ ਅਜਿਹੀਆਂ ਪਹਿਲਕਦਮੀਆ ਦੀ ਮਹੱਤਤਾ ਤੇ ਵੀ ਜ਼ੋਰ ਦਿੱਤਾ

ਲੋਕ ਬਾਣੀ

ਸ੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਫਗਵਾੜਾ ਨੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ,ਐੱਨ.ਐੱਸ. ਐੱਸ. ਯੂਨਿਟ ਦੇ ਇੰਚਾਰਜ ਸ੍ਰੀਮਤੀ ਜਸਵਿੰਦਰ ਕੌਰ, ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀਆਂ ਨੂੰ ਇਸ ਵਰਕਸ਼ਾਪ ਦੇ ਸਫਲਤਾਪੂਰਵਕ ਆਯੋਜਨ ਲਈ ਵਧਾਈ ਦਿੱਤੀ। ਉਹਨਾਂ ਨੇ ਵਾਤਾਵਰਨ ਜਾਗਰੁਕਤਾ ਅਤੇ ਸਥਿਰਤਾ ਪ੍ਰਤੀ ਕਾਲਜ ਦੀ ਵਚਨਬੱਧਤਾ ਦੀ ਪ੍ਰਸ਼ੰਸਾ ਕੀਤੀ ਅਤੇ ਇੱਕ ਹਰੇ ਭਰੇ ਭਵਿੱਖ ਨੂੰ ਆਕਾਰ ਦੇਣ ਵਿੱਚ ਸਿੱਖਿਅਕਾਂ ਦੀ ਭੂਮਿਕਾ ਤੇ ਜ਼ੋਰ ਦਿੱਤਾ। ਉਹਨਾਂ ਉਮੀਦ ਕੀਤੀ ਕਿ ਕਾਲਜ ਭਵਿੱਖ ਵਿੱਚ ਵੀ ਅਜਿਹੇ ਉਸਾਰੂ ਕਾਰਜ ਜਾਰੀ ਰੱਖੇਗਾ

# ਸਾਹਿਬ ਕਾਂਸ਼ੀ ਰਾਮ ਜੀ ਦੇ ਜਨਮ ਦਿਨ ਤੇ ਕੀਤੀ ਜਾ ਰਹੀ ਪੰਜਾਬ ਸੰਭਾਲੋ ਰੈਲੀ ਵਿੱਚ ਹਰ ਵਰਗ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਬਸਪਾ ਆਗੂ - ਕਰੀਮਪੁਰੀ

ਫਗਵਾੜਾ ( ਸੁਸ਼ੀਲ ਸ਼ਰਮਾ ) ਬਸਪਾ ਤੇ ਡੀ.ਐਸ.ਫੋਰ.ਦੇ ਬਾਨੀ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਜਨਮ ਦਿਨ ਤੇ 15 ਮਾਰਚ ਨੂੰ ਬਹੁਜਨ ਸਮਾਜ ਪਾਰਟੀ ਵੱਲੋਂ ਪੰਜਾਬ ਸੰਭਾਲੋ ਰੈਲੀ ਫਗਵਾੜਾ ਦੀ ਦਾਣਾ ਮੰਡੀ ਵਿਖੇ ਕੀਤੀ ਜਾਵੇਗੀ। ਉਕਤ ਵਿਚਾਰਾ ਦਾ ਪ੍ਰਗਟਾਵਾ ਬਸਪਾ ਪੰਜਾਬ ਦੇ ਪ੍ਰਧਾਨ ਐਡਵੋਕੇਟ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਫਗਵਾੜਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਦੱਸਿਆ ਕਿ 15 ਮਾਰਚ ਦੀ ਪੰਜਾਬ ਸੰਭਾਲੋ ਰੈਲੀ ਵਿੱਚ ਪੰਜਾਬ ਦੇ ਹਰ ਵਰਗ ਨੂੰ ਸ਼ਾਮਲ ਹੋਣ ਦਾ ਦਿੱਤਾ ਜਾਵੇਗਾ ਅਤੇ ਕਿਸਾਨ, ਮਜ਼ਦੂਰ, ਦਲਿਤ ਅਤੇ ਪੰਥ ਵਿਰੋਧੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਲਈ ਜਨ ਅੰਦੋਲਨ ਖੜਾ ਕਰਨ ਦੀ ਸ਼ੁਰੂਆਤ ਕੀਤੀ ਜਾਵੇਗੀ।



ਕਰੀਮਪੁਰੀ ਨੇ ਕਿਹਾ ਕਿ ਪੰਜਾਬ ਦੀ ਜਨਤਾ ਭਗਵੰਤ ਮਾਨ ਸਰਕਾਰ ਦੇ ਝੂਠੇ ਲਾਰਿਆ ਤੋਂ ਅੱਕ ਚੁੱਕੀ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਪੰਜਾਬ, ਪੰਜਾਬੀਅਤ, ਪੰਜਾਬ ਦੀ ਜਵਾਨੀ ਅਤੇ ਕਿਸਾਨੀ ਬਚਾਉਣ ਲਈ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਮੌਕਾ ਬਸਪਾ ਨੂੰ ਦੇਣ। ਕਰੀਮਪੁਰੀ ਨੇ ਬਸਪਾ ਆਗੂਆਂ ਤੇ ਵਰਕਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਜਨਮਦਿਨ ਤੇ 15 ਮਾਰਚ ਨੂੰ ਕੀਤੀ ਜਾ ਰਹੀ ਪੰਜਾਬ ਸੰਭਾਲੋ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਪੰਜਾਬ ਦੇ ਹਰ ਵਰਗ ਤੱਕ ਪਹੁੰਚ ਕਰਕੇ ਰੈਲੀ ਵਿੱਚ ਸ਼ਾਮਲ ਕਰਨ ਲਈ ਪ੍ਰੇਰਿਤ ਕਰਨ। ਇਸ ਮੌਕੇ ਉਨ੍ਹਾਂ ਨਾਲ ਐਡਵੋਕੇਟ ਬਲਵਿੰਦਰ ਕੁਮਾਰ ਸੂਬਾ ਜਰਨਲ ਸਕੱਤਰ, ਮਾਸਟਰ ਹਰਭਜਨ ਸਿੰਘ ਬਲਾਲੋਂ ਹਲਕਾ ਇੰਚਾਰਜ, ਲੇਖਰਾਜ ਜਮਾਲਪੁਰ, ਐਡਵੋਕੇਟ ਕੁਲਦੀਪ ਭੱਟੀ, ਚਰੰਜੀ ਲਾਲ ਕਾਲਾ ਕੌਂਸਲਰ ਤੇ ਹਲਕਾ ਪ੍ਰਧਾਨ, ਇੰਜੀਨੀਅਰ ਪ੍ਰਦੀਪ ਮੱਲ, ਮਨੋਹਰ ਲਾਲ ਜੱਖੂ, ਪਰਮਜੀਤ ਖਲਵਾੜਾ, ਅਮਨਦੀਪ ਕੌਰ ਕੌਂਸਲਰ, ਅਮਰਜੀਤ ਖੁੱਤਣ, ਗੋਰਾ ਚੱਕ ਪ੍ਰੇਮਾ, ਹਰਭਜਨ ਖਲਵਾੜਾ, ਰਾਮ ਮੂਰਤੀ ਖੇੜਾ, ਗੁਰਮੀਤ ਸੁੰਨੜਾ, ਅਸ਼ੋਕ ਰਾਮਪੁਰਾ, ਸੁਰਿੰਦਰ ਭਬਿਆਣਾ,ਅਰੁਨ ਸੁਮਨ ਆਦਿ ਹਾਜ਼ਰ ਸਨ

# ਬੇਟੀ ਬਚਾਓ ਮੁਹਿੰਮ ਤਹਿਤ ਕਰਵਾਏ ਡਰਾਇੰਗ ਮੁਕਾਬਲੇ




ਕਪੂਰਥਲਾ / ਫਗਵਾੜਾ ( ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਦੇ ਦਿਸ਼ਾ ਨਿਰਦੇਸ਼ਾ ਅਤੇ ਬੇਟੀ ਬਚਾਓ ਮੁਹਿੰਮ ਦੇ ਤਹਿਤ ਹਿੰਦੂ ਪੁੱਤਰੀ ਪਾਠਸ਼ਾਲਾ ਕਾਇਮਪੂਰਾ ਵਿਖੇ ਡਰਾਇੰਗ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਵਿਦਿਆਰਥੀਆਂ ਨੇ ਬੇਟੀ ਬਚਾਓ ਮੁਹਿੰਮ ਤਹਿਤ ਆਪਣੀ ਕਲਾ ਦੇ ਜ਼ਰੀਏ ਰੰਗ ਅਤੇ ਚਿੱਤਰ ਉਕੇਰੇ। ਇਸ ਦੌਰਾਨ ਸਕੂਲ ਦੀ ਵਿਦਿਆਰਥਣ ਜਸਮੀਨ ਕੌਰ ਨੇ ਪਹਿਲਾ, ਰਾਧਿਕਾ ਨੇ ਦੂਸਰਾ ਤੇ ਅਲੀ ਨੇ ਤੀਸਰਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਸਿਹਤ ਵਿਭਾਗ ਦੀ ਟੀਮ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਡਾਕਟਰ ਭੁਵਨੇਸ਼ਵਰੀ ਨੇ ਉਮੰਗ ਪ੍ਰੋਗਰਾਮ ਅਤੇ ਅਨੀਮੀਆ ਮੁਕਤ ਭਾਰਤ ਪ੍ਰੋਗਰਾਮ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਦੀ ਅਸ਼ੋਕ ਕੁਮਾਰ ਨੇ ਕਿਹਾ ਕਿ ਸਾਨੂੰ ਲੜਕੀਆਂ ਨੂੰ ਵੀ ਅੱਗੇ ਵੱਧਣ ਦੇ ਮੌਕੇ ਦੇਣੇ ਚਾਹੀਦੇ ਹਨ ਅੱਜ ਲੜਕੀਆਂ ਵੀ ਕਿਸੇ ਵੀ ਖੇਤਰ ਵਿਚ ਲੜਕਿਆਂ ਨਾਲੋਂ ਘੱਟ ਨਹੀਂ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਅਜਿਹੇ ਆਯੋਜਨ ਕੀਤੇ ਜਾਂਦੇ ਰਹਿਣਗੇ।ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਬੀ ਈ ਈ ਰਵਿੰਦਰ ਜੱਸਲ, ਬੀ ਸੀ ਸੀ ਜਯੋਤੀ ਅਨੰਦ , ਮੈਡਮ ਰਜਨੀ, ਬਿੰਦੂ,ਨਿਸ਼ਾ ਅਤੇ ਸੁਮਨ ਵੀ ਹਾਜ਼ਰ ਸਨ

# ਸਰਪੰਚ ਰਿੰਪਲ ਕੁਮਾਰ ਵਜੀਦੋਵਾਲ ਨੇ ਬੀ.ਡੀ.ਪੀ.ਓ. ਦਫਤਰ 'ਚ ਸਟਾਫ ਦੀਆਂ ਖਾਲੀ ਅਸਾਮੀਆਂ ਭਰਨ ਦੀ ਕੀਤੀ ਮੰਗ

ਫਗਵਾੜਾ ( ਸੁਸ਼ੀਲ ਸ਼ਰਮਾ ) ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਅੱਜ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਹਲਕੇ ਦੀਆਂ ਸਮੂਹ ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ ਦੌਰਾਨ ਪਿੰਡ ਵਜੀਦੋਵਾਲ ਦੇ ਸਰਪੰਚ ਰਿੰਪਲ ਕੁਮਾਰ ਨੇ ਬੀ.ਡੀ.ਪੀ.ਓ. ਦਫਤਰ ਵਿਚ ਸਟਾਫ ਦੀ ਘਾਟ ਦੇ ਚਲਦਿਆਂ ਪੰਚਾਇਤਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਨਾਲ ਜਾਣੂ ਕਰਵਾਇਆ। ਸਰਪੰਚ ਰਿੰਪਲ ਕੁਮਾਰ ਨੇ ਜੋਗਿੰਦਰ ਸਿੰਘ ਮਾਨ ਨੂੰ ਦੱਸਿਆ ਕਿ ਬੀ.ਡੀ.ਪੀ.ਓ. ਦਫਤਰ ਫਗਵਾੜਾ ਵਿਚ ਅਕਾਉਂਟੈਂਟ ਕਲਰਕ ਅਤੇ ਸੰਮਤੀ ਕਲਰਕ ਦੀਆਂ ਅਸਾਮੀਆਂ ਖਾਲੀ ਪਈਆਂ ਹਨ। ਦਫਤਰ ਵਿਚ 10 ਗ੍ਰਾਮ ਸੇਵਕਾਂ ਦੀਆਂ ਪੋਸਟਾਂ ਵੀ ਖਾਲੀ ਹਨ। ਐਸ.ਈ.ਪੀ.ਓ. ਦੀ ਪੋਸਟ ਵੀ ਖਾਲੀ ਪਈ ਹੈ ਅਤੇ 91 ਪਿੰਡਾਂ ਦੀਆਂ ਪੰਚਾਇਤਾਂ ਲਈ 17 ਪੰਚਾਇਤ ਸਕੱਤਰਾਂ ਦੀ ਜ਼ਰੂਰਤ ਹੈ ਪਰ ਇਸ ਦਫਤਰ ਵਿਚ ਸਿਰਫ ਦੋ ਹੀ ਪੰਚਾਇਤ ਸਕੱਤਰ ਹਨ। ਜਿਸ ਕਰਕੇ ਪਿੰਡਾਂ ਦੇ ਵਿਕਾਸ ਸਬੰਧੀ ਕੰਮ ਕਰਵਾਉਣ ਵਿਚ ਵੱਡੀ ਮੁਸ਼ਕਿਲ ਪੇਸ਼ ਆ ਰਹੀ ਹੈ। ਜੋਗਿੰਦਰ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਵਿਭਾਗ ਦੇ ਅਧਿਕਾਰੀਆਂ ਅਤੇ ਸਰਕਾਰ ਨਾਲ ਰਾਬਤਾ ਕਰਕੇ ਖਾਲੀ ਅਸਾਮੀਆਂ ਨੂੰ ਜਲਦੀ ਭਰਿਆ ਜਾਵੇਗਾ। ਉਹਨਾਂ ਇਹ ਭਰੋਸਾ ਵੀ ਦਿੱਤਾ ਕਿ ਪਿੰਡਾਂ ਦੇ ਵਿਕਾਸ ਵਿਚ ਕੋਈ ਰੁਕਾਵਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਹਰਨੂਰ ਸਿੰਘ ਮਾਨ ਸਪੋਕਸਪਰਸਨ ਪੰਜਾਬ, ਦਲਜੀਤ ਸਿੰਘ ਰਾਜੂ ਸੀਨੀਅਰ ਆਪ ਆਗੂ, ਅਵਤਾਰ ਸਿੰਘ ਸਾਬਕਾ ਸਰਪੰਚ ਪੰਡਵਾ, ਵਰੁਣ ਬੰਗੜ ਸਰਪੰਚ ਚੱਕ ਹਕੀਮ, ਕਸ਼ਮੀਰ ਸਿੰਘ ਲੱਡੂ ਖਲਵਾੜਾ, ਪਿਆਰਾ ਸਿੰਘ ਢੱਡਵਾਲ, ਰਿਟਾ. ਪ੍ਰਿੰਸੀਪਲ, ਜਸਵਿੰਦਰ ਸਿੰਘ ਬੰਗੜ, ਬਲਵਿੰਦਰ ਕੌਰ ਸਰਪੰਚ ਪਲਾਹੀ, ਕਮਲਜੀਤ ਕੁਮਾਰ ਸਰਪੰਚ ਅਮਰੀਕ ਨਗਰੀ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਪਰਮਜੀਤ ਕੌਰ ਸਰਪੰਚ ਬੇਗਮਪੁਰ, ਵਿਜੇ ਕੁਮਾਰ ਸਰਪੰਚ ਢੱਕ ਪੰਡੋਰੀ, ਕੁਲਵੰਤ ਕੌਰ ਸਰਪੰਚ ਢੰਡੋਲੀ ਤੋਂ ਇਲਾਵਾ ਮਨਜੀਤ ਕੁਮਾਰ, ਅਮਰਜੀਤ ਕੌਰ, ਜਸਵੀਰ ਕੌਰ, ਕੁਲਦੀਪ ਕੁਮਾਰ, ਕੁਲਦੀਪ ਕੌਰ, ਸੁਰਿੰਦਰ ਸਿੰਘ, ਕੁਲਵਿੰਦਰ ਕੌਰ, ਗੁਰਬਖਸ਼ ਕੌਰ, ਗੁਰਮੀਤ ਸਿੰਘ, ਨਰਿੰਦਰ ਸਿੰਘ, ਕੁਲਵਿੰਦਰ ਕੌਰ, ਕੁਲਵੰਤ ਕੌਰ ਪਾਂਛਟ, ਅੰਮ੍ਰਿਤਪਾਲ ਸਿੰਘ, ਬਲਜੀਤ ਸਿੰਘ ਜੌਹਲ ਪੰਡਵਾ, ਬਖਸ਼ਿੰਦਰ ਕੌਰ, ਰੇਸ਼ਮੋ ਸੁੰਨੜਾ ਰਾਜਪੂਤਾਂ, ਪੁਰਸ਼ੋਤਮ ਲਾਲ, ਸੁਖਵਿੰਦਰ ਸਿੰਘ, ਬਲਵੀਰ ਕੁਮਾਰ, ਪ੍ਰਕਾਸ਼ ਸਿੰਘ, ਸੁਖਵਿੰਦਰ ਕੌਰ ਆਦਿ ਹਾਜਰ ਸਨ।



# ਨਗਰ ਨਿਗਮ ਸਟਾਫ ਵੱਲੋਂ ਨਵ ਨਿਯੁਕਤ ਕਮਿਸ਼ਨਰ ਡਾ ਅਕਸ਼ਿਤਾ ਗੁਪਤਾ,( ਆਈ.ਏ.ਐਸ.) ਦਾ ਕੀਤਾ ਨਿੱਘਾ ਸਵਾਗਤ



ਫਗਵਾੜਾ ( ਸੁਸ਼ੀਲ ਸ਼ਰਮਾ )ਅੱਜ ਨਗਰ ਨਿਗਮ, ਫਗਵਾੜਾ ਵਿਖੇ ਡਾ. ਅਕਸ਼ਿਤਾ ਗੁਪਤਾ, ਆਈ.ਏ.ਐੱਸ. ਵੱਲੋਂ ਬਤੌਰ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਦਾ ਅੱਹੁਦਾ ਸੰਭਾਲਿਆ ਅਤੇ ਨਗਰ ਨਿਗਮ ਦੇ ਸਟਾਫ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਪੱਤਰਕਾਰਾਂ ਨਾਲ ਗੱਲ—ਬਾਤ ਦੌਰਾਨ ਉਨ੍ਹਾਂ ਕਿਹਾ ਕਿ ਫਗਵਾੜਾ ਵਾਸੀਆਂ ਦੇ ਸਾਰੇ ਮੁੱਦਿਆਂ ਨੂੰ ਪਹਿਲ ਦੇ ਆਧਾਰ ਹੱਲ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਹੋਵੇਗੀ ਉਨ੍ਹਾਂ ਫਗਵਾੜਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ਹਿਰਵਾਸੀ ਨੂੰ ਨਗਰ ਨਿਗਮ ਨਾਲ ਸਬੰਧਤ ਮੁੱਦਿਆਂ ਸਬੰਧੀ ਪ੍ਰੇਸ਼ਾਨੀ ਪੇਸ਼ ਆਉਂਦੀ ਹੈ ਤਾਂ ਉਹ ਸਿੱਧੇ ਤੌਰ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ। ਇਸ ਉਪਰੰਤ ਡਾ. ਅਕਸ਼ਿਤਾ ਗੁਪਤਾ ਵੱਲੋਂ ਨਗਰ ਨਿਗਮ ਫਗਵਾੜਾ ਦੇ ਮੇਅਰ ਸ਼੍ਰੀ ਰਾਮ ਪਾਲ ਉੱਪਲ ਨਾਲ ਮੁਲਾਕਾਤ ਕੀਤੀ ਅਤੇ ਨਗਰ ਨਿਗਮ ਦੇ ਮੁੱਦਿਆਂ ਸਬੰਧੀ ਵਿਚਾਰ

ਵਟਾਂਦਰਾ ਕੀਤਾ ਇਸ ਮੌਕੇ ਰਜਿੰਦਰ ਚੌਪੜਾ, ਰਾਜ ਕੁਮਾਰ, ਵਿਨਾਇਕ ਕੁਮਾਰ, ਰਵਿੰਦਰ ਸਿੰਘ ਕਲਸੀ, ਅਜੈ ਕੁਮਾਰ, ਹਿਤੇਸ਼ ਸ਼ਰਮਾ, ਨਾਮਦੇਵ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਤਰਨਪਾਲ ਸਿੰਘ, ਸਮੀਰ ਬਾਲੀ, ਸੁਰੇਸ਼ ਕੁਮਾਰ, ਦਲੀਪ ਸੋਨੀ, ਰਾਕੇਸ਼ ਕੁਮਾਰ, ਕੰਵਰਪਾਲ ਸਿੰਘ, ਕੈਲਾਸ਼ ਸ਼ਰਮਾ ਹਾਜ਼ਰ ਸਨ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਕੇਂਦਰ ਦੇ ਇਸ਼ਾਰੇ 'ਤੇ ਕਿਸਾਨਾਂ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ ਭਗਵੰਤ ਮਾਨ ਸਰਕਾਰ - ਕਰਮਜੀਤ ਬਿੱਟੂ





ਫਗਵਾੜਾ ( ਸੁਸ਼ੀਲ ਸ਼ਰਮਾ ) ਜਿਲ੍ਹਾ ਕਾਂਗਰਸ ਸਕੱਤਰ ਕਪੂਰਥਲਾ ਕਰਮਜੀਤ ਸਿੰਘ ਬਿੱਟੂ ਅਤੇ ਬਲਾਕ ਕਾਂਗਰਸ ਫਗਵਾੜਾ ਦੇ ਵਾਈਸ ਪ੍ਰਧਾਨ ਤੁਲਸੀ ਰਾਮ ਖੋਸਲਾ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਵੱਲੋਂ ਹੱਕੀ ਮੰਗਾਂ ਲਈ ਅੰਦੋਲਨ ਕਰਨ ਵਾਲੇ ਕਿਸਾਨਾਂ ਨੂੰ ਘਰਾਂ ਵਿਚ ਨਜ਼ਰਬੰਦ ਕਰਨ ਅਤੇ ਜਬਰੀ ਗ੍ਰਿਫਤਾਰ ਕਰਨ ਦੀ ਸਖ਼ਤ ਨਖੇਦੀ ਕੀਤੀ ਹੈ। ਉਹਨਾਂ ਕਿਹਾ ਕਿ ਕਿਸਾਨਾਂ ਅਤੇ ਮਜਦੂਰਾਂ ਦੀਆਂ ਪੰਜਾਬ ਸਰਕਾਰ ਤੋਂ ਜੋ ਮੰਗਾਂ ਹਨ ਉਹਨਾਂ ਨੂੰ ਤੁਰੰਤ ਮੰਨ ਲੈਣਾ ਚਾਹੀਦਾ ਹੈ ਅਤੇ ਕੇਂਦਰ ਸਰਕਾਰ ਨਾਲ ਸਬੰਧਤ ਮੰਗਾਂ ਨੂੰ ਕੇਂਦਰ ਦੀ ਭਾਜਪਾ ਸਰਕਾਰ ਤੋਂ ਮਨਵਾਉਣ ਲਈ ਕਿਸਾਨਾਂ ਨਾਲ ਕੇਂਦਰ ਦੀ ਗੱਲਬਾਤ ਦੇ ਯਤਨ ਕਰਨੇ ਚਾਹੀਦੇ ਹਨ। ਉਹਨਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਅਤੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੇ ਕਿਸਾਨ ਤੇ ਖੇਤ ਮਜਦੂਰ ਵਿਰੋਧੀ ਰੁਖ ਦੀ ਵਜ੍ਹਾ ਨਾਲ ਅੱਜ ਕਿਸਾਨ ਤੇ ਮਜਦੂਰ ਖੇਤਾਂ ਵਿਚ ਫਸਲਾਂ ਉਗਾਉਣ ਦੀ ਜਗ੍ਹਾ ਆਪਣੇ ਹੱਕਾਂ ਲਈ ਸੜਕਾਂ ਤੇ ਧਰਨੇ ਲਾਉਣ ਮਜਬੂਰ ਹੋ ਗਏ ਹਨ। ਉਹਨਾਂ ਦੋਸ਼ ਲਾਇਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਕੰਮ ਕਰ ਰਹੀ ਹੈ ਅਤੇ ਕਿਸਾਨਾਂ ਤੇ ਮਜਦੂਰਾਂ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ । ਜਿਲ੍ਹਾ ਕਾਂਗਰਸ ਸਕੱਤਰ ਕਰਮਜੀਤ ਸਿੰਘ ਬਿੱਟੂ ਨੇ ਗ੍ਰਿਫ਼ਤਾਰ ਕੀਤੇ ਗਏ ਕਿਸਾਨ-ਮਜਦੂਰਾਂ ਨੂੰ ਬਿਨਾ ਸ਼ਰਤ ਰਿਹਾ ਕਰਨ ਦੀ ਮੰਗ ਵੀ ਕੀਤੀ ਅਤੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਤੋਂ ਕਿਸਾਨਾਂ ਤੇ ਮਜਦੂਰਾਂ ਦੇ ਸੰਘਰਸ਼ ਵਿਚ ਨਾਲ ਖੜੀ ਹੈ ਅਤੇ ਅੱਗੇ ਵੀ ਖੜੀ ਰਹੇਗੀ। ਕਿਸਾਨਾਂ ਤੇ ਖੇਤ ਮਜਦੂਰਾਂ ਨਾਲ ਕਿਸੇ ਤਰ੍ਹਾਂ ਦੀ ਸਰਕਾਰੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਤੁਲਸੀ ਰਾਮ ਖੋਸਲਾ ਨੇ ਵੀ ਕਿਹਾ ਕਿ ਜੇਕਰ ਜਰੂਰਤ ਪਈ ਤਾਂ ਕਾਂਗਰਸ ਪਾਰਟੀ ਕਿਸਾਨਾਂ ਦੇ ਨਾਲ ਸੜਕਾਂ ਤੇ ਵੀ ਸੰਘਰਸ਼ ਕਰੇਗੀ।

# ਪੰਜਾਬ ਪੁਲਿਸ ਦੀ ਨਸ਼ਿਆਂ ਵਿਰੁੱਧ ਜੰਗ ਸ਼ਲਾਘਾਯੋਗ ਕਦਮ : ਕਮਲ ਸਰੋਜ



ਫਗਵਾੜਾ( ਸੁਸ਼ੀਲ ਸ਼ਰਮਾ )ਸ਼ਿਵ ਸੈਨਾ ਯੂ.ਬੀ.ਟੀ. ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਨੇ ਪੰਜਾਬ ਸਰਕਾਰ ਦੇ ਹੁਕਮਾਂ 'ਤੇ ਸੂਬੇ ਦੇ ਡੀਜੀਪੀ ਗੌਰਵ ਯਾਦਵ ਦੀ ਅਗਵਾਈ ਹੇਠ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ 'ਇਕ ਯੁੱਧ, ਨਸ਼ਿਆਂ ਵਿਰੁੱਧ' ਮੁਹਿਮ ਨੂੰ ਸ਼ਲਾਘਾਯੋਗ ਕਦਮ ਦੱਸਿਆ ਹੈ। ਉਨ੍ਹਾਂ ਕਿਹਾ ਕਿ ਬੇਖੌਫ ਹੋਏ ਡਰੱਗ ਮਾਫੀਆ ਨੂੰ ਨੱਥ ਪਾਉਣ ਲਈ ਇਸੇ ਤਰ੍ਹਾਂ ਦੇ ਸਖ਼ਤ ਕਦਮ ਚੁੱਕਣ ਦੀ ਜ਼ਰੂਰਤ ਸੀ। ਇਹ ਚੰਗੀ ਗੱਲ ਹੈ ਕਿ ਪੁਲਿਸ ਹਰ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਲਈ ਪੂਰੀ ਗੰਭੀਰਤਾ ਨਾਲ ਯਤਨ ਕਰ ਰਹੀ ਹੈ। ਕਮਲ ਸਰੋਜ ਨੇ ਜ਼ਿਲ੍ਹਾ ਕਪੂਰਥਲਾ ਦੇ ਐਸ. ਐਸ.ਪੀ. ਗੌਰਵ ਤੂਰਾ ਅਤੇ ਐੱਸ.ਪੀ. ਰੁਪਿੰਦਰ ਕੌਰ ਭੱਟੀ ਦੀ ਅਗਵਾਈ ਹੇਠ ਫਗਵਾੜਾ ਦੇ ਇਲਾਕਿਆਂ ਵਿੱਚ ਨਸ਼ਾ ਵੇਚਣ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਨੂੰ ਲੈ ਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੁਲਿਸ ਦੀ ਕਾਰਵਾਈ ਦੇਖ ਕੇ ਨਸ਼ਾ ਵੇਚਣ ਵਾਲਿਆਂ ਵਿੱਚ ਸਹਿਮ ਦਾ ਮਾਹੌਲ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਪੁਲਿਸ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਜਿੱਤ ਪ੍ਰਾਪਤ ਕਰੇਗੀ ਅਤੇ ਪੰਜਾਬ ਜਲਦੀ ਹੀ ਨਸ਼ਾ ਮੁਕਤ ਸੂਬਾ ਬਣੇਗਾ। ਉਹਨਾਂ ਨੇ ਕਿਹਾ ਕਿ ਸ਼ਿਵ ਸੈਨਾ ਯੂ.ਬੀ.ਟੀ. ਇਸ ਜੰਗ ਵਿੱਚ ਜ਼ਿਲ੍ਹਾ ਪੁਲਿਸ ਦੇ ਨਾਲ ਹੈ। ਕਪੂਰਥਲਾ ਅਤੇ ਫਗਵਾੜਾ ਪੁਲਿਸ ਨੂੰ ਨਸ਼ਾ ਤਸਕਰੀ ਅਤੇ ਨਸ਼ਾ ਵੇਚਣ ਵਾਲਿਆਂ 'ਤੇ ਸ਼ਿਕੰਜਾ ਕੱਸਣ ਲਈ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਆਮ ਲੋਕਾਂ ਨੂੰ ਵੀ ਪੁਲਿਸ ਦਾ ਸਾਥ ਦੇਣ ਦੀ ਪੁਰਜ਼ੋਰ ਅਪੀਲ ਕੀਤੀ ਅਤੇ ਕਿਹਾ ਕਿ ਜੇਕਰ ਨਸ਼ਾ ਤਸਕਰਾਂ ਬਾਰੇ ਕੋਈ ਜਾਣਕਾਰੀ ਹੈ ਤਾਂ ਉਹ ਪੁਲਿਸ ਨੂੰ ਦਿੱਤੀ ਜਾਵੇ। ਜੇਕਰ ਕੋਈ ਵੀ ਨਾਗਰਿਕ ਕਿਸੇ ਕਾਰਨ ਕਰਕੇ ਪੁਲਿਸ ਤੱਕ ਨਹੀਂ ਪਹੁੰਚ ਸਕਦਾ ਤਾਂ ਸਬੂਤਾਂ ਦੇ ਨਾਲ ਉਨ੍ਹਾਂ ਨਾਲ ਸੰਪਰਕ ਕਰੇ ਤਾਂ ਜੋ ਵੱਡੇ ਜਾਂ ਛੋਟੇ ਸਾਰੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਭੇਜਿਆ ਜਾ ਸਕੇ।

# ਨਿਜੀ ਅਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੁਝ ਖਾਸ ਗੱਲਾਂ ਦਾ ਰੱਖਿਆ ਜਾਵੇ ਧਿਆਨ - ਨੰਦ ਸੋਨੀ




ਫਗਵਾੜਾ ( ਸੁਸ਼ੀਲ ਸ਼ਰਮਾ ) ਯੂਥ ਵਾਇਸ ਫਾਊਂਡੇਸ਼ਨ ਫਗਵਾੜਾ ਅਤੇ ਮਨੁੱਖੀ ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਐਂਟੀਕੁਰੱਪਸ਼ਨ ਸੈਲ ਵੱਲੋਂ ਰਾਸ਼ਟਰੀ ਸੁਰੱਖਿਆ ਦਿਵਸ ਨੂੰ ਸਮਰਪਿਤ ਇਕ ਜਾਗਰੁਕਤਾ ਸੈਮੀਨਾਰ ਰਾਮਗੜ੍ਹੀਆ ਇੰਸਟੀਚਿਊਟ ਆਫ ਹੈਲਥ ਸਾਇੰਸਜ ਐਂਡ ਰਿਸਰਚ ਸਤਨਾਮਪੁਰਾ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਸੁਰੱਖਿਆ ਦੇ ਵੱਖ-ਵੱਖ ਪਹਿਲੂਆਂ ਤੇ ਗੰਭੀਰ ਵਿਚਾਰ ਚਰਚਾ ਹੋਈ। ਹਿਊਮਨ ਰਾਈਟਸ ਕੌਂਸਲ ਐਂਟੀ ਕੁਰੱਪਸ਼ਨ ਸੈਲ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ ਨੰਦ ਸੋਨੀ ਨੇ ਸਿਹਤ ਸੁਰੱਖਿਆ, ਸੜਕ ਸੁਰੱਖਿਆ, ਸਾਇਬਰ ਸੁਰੱਖਿਆ ਆਦਿ ਵਿਸ਼ਿਆਂ 'ਤੇ ਵਢਮੁੱਲੇ ਵਿਚਾਰ ਪੇਸ਼ ਕੀਤੇ ਅਤੇ ਨਾਲ ਹੀ ਮਨੁੱਖੀ ਅਧਿਕਾਰਾਂ ਬਾਰੇ ਵੀ ਹਾਜਰੀਨ ਨੂੰ ਜਾਣੂ ਕਰਵਾਇਆ। ਉਹਨਾਂ ਕਿਹਾ ਕਿ ਨਿੱਜੀ ਅਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਕੁਝ ਛੋਟੀਆਂ ਅਤੇ ਵੱਡੀਆਂ ਚੀਜ਼ਾਂ ਦਾ ਧਿਆਨ ਰੱਖਿਆ ਜਾ ਸਕਦਾ ਹੈ। ਜਿਵੇਂ ਸੜਕ ਸੁਰੱਖਿਆ ਤਹਿਤ ਡਰਾਈਵ ਕਰਦੇ ਸਮੇਂ ਹੈਲਮੇਟ ਪਹਿਨਣਾ ਅਤੇ ਟਰੈਫਿਕ ਨਿਯਮਾਂ ਦਾ ਖਿਆਲ ਰੱਖਣਾ, ਸਾਜ਼-ਸਾਮਾਨ ਨਾਲ ਕੰਮ ਕਰਦੇ ਸਮੇਂ ਹਮੇਸ਼ਾ ਸੁਰੱਖਿਆ ਦਸਤਾਨੇ ਪਹਿਨਣਾ, ਪ੍ਰਦੂਸ਼ਣ ਦੇ ਸੰਪਰਕ ਵਿੱਚ ਆਉਣ ਸਮੇਂ ਮਾਸਕ ਦੀ ਵਰਤੋਂ, ਘਰ ਵਿੱਚ ਲੱਗੇ ਉਪਕਰਣਾਂ ਦੀ ਸਮੇਂ-ਸਮੇਂ 'ਤੇ ਜਾਂਚ, ਰਸੋਈ 'ਚ ਗੈਸ ਸਿਲੰਡਰ ਨੂੰ ਸਹੀ ਢੰਗ ਨਾਲ ਲਗਾਉਣਾ ਅਤੇ ਗੈਸ ਲੀਕ ਦਾ ਖਿਆਲ ਰੱਖਣਾ ਸੁਰੱਖਿਆ ਨੂੰ ਯਕੀਨੀ ਬਣਾ ਸਕਦਾ ਹੈ। ਯੂਥ ਵਾਇਸ ਫਾਊਂਡੇਸ਼ਨ ਸੰਸਥਾ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਦੱਸਿਆ ਕਿ ਰਾਸ਼ਟਰੀ ਸੁਰੱਖਿਆ ਦਿਵਸ ਹਰ ਸਾਲ 4 ਮਾਰਚ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਣ ਦਾ ਉਦੇਸ਼ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ। ਉਹਨਾਂ ਕਿਹਾ ਕਿ ਜਾਗਰੁਕਤਾ ਸੈਮੀਨਾਰ ਸਮਾਜ ਨੂੰ ਸਹੀ ਸੇਧ ਦੇਣ ਦਾ ਕੰਮ ਕਰਦੇ ਹਨ ਅਤੇ ਨਾਗਰਿਕਾਂ ਲਈ ਬਹੁਤ ਲਾਹੇਵੰਦ ਸਾਬਤ ਹੁੰਦੇ ਹਨ। ਉਹਨਾਂ ਨੇ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰੱਖੇ ਜਾਣਗੇ। ਹਿਊਮਨ ਰਾਈਟਸ ਕੌਂਸਲ (ਐਂਟੀਕੁਰੱਪਸ਼ਨ ਸੈਲ) ਦੇ ਮੈਂਬਰ ਰਾਹੁਲ ਬੰਸਲ ਨੇ ਸਾਈਬਰ ਸੁਰੱਖਿਆ ਯਕੀਨੀ ਬਨਾਉਣ ਲਈ ਮੋਬਾਇਲ ਫ਼ੋਨ ਜਾਂ ਲੈਪਟਾਪ 'ਤੇ ਇੱਕ ਮਜ਼ਬੂਤ ਪਾਸਵਰਡ ਸੈੱਟ ਕਰਨ, ਐਂਟੀਵਾਇਰਸ ਇੰਸਟਾਲ ਕਰਨ ਅਤੇ ਆਪਣੀ ਨਿੱਜੀ ਜਾਣਕਾਰੀ ਕਿਸੇ ਨਾਲ ਸਾਂਝੀ ਨਾ ਕਰਨ ਬਾਰੇ ਜੋਰ ਦਿੱਤਾ। ਹਿਊਮਨ ਰਾਈਟਸ ਕੌਂਸਲ ਐਂਟੀਕੁਰੱਪਸ਼ਨ ਸੈੱਲ ਦੇ ਪੰਜਾਬ ਪ੍ਰਧਾਨ ਰਮਨ ਨਹਿਰਾ ਨੇ ਵੀ ਵਿਚਾਰ ਪੇਸ਼ ਕੀਤੇ। ਇਸ ਮੌਕੇ ਪਿੰਸੀਪਲ ਮਨਦੀਪ ਕੌਰ ਤੋਂ ਇਲਾਵਾ ਦੋਵੇਂ ਜੱਥੇਬੰਦੀਆਂ ਦੇ ਅਹੁਦੇਦਾਰ, ਮੈਂਬਰ ਅਤੇ ਕਾਲਜ ਸਟਾਫ ਸਮੇਤ ਵਿਦਿਆਰਥੀ ਹਾਜਰ ਸਨ।

# ਨੈਸ਼ਨਲ ਬਲੱਡ ਟਰਾਂਸਫਿਊਸ਼ਨ ਕੌਂਸਲ ਦੇ ਟੈਕਨੀਕਲ ਰਿਸੋਰਸ ਗਰੁੱਪ ਨੇ ਕੀਤੀ ਅਹਿਮ ਮੀਟਿੰਗ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਨੈਸ਼ਨਲ ਬਲੱਡ ਟਰਾਂਸਫਊਸ਼ਨ ਕੌਂਸਲ ਦੇ ਟੈਕਨੀਕਲ ਰਿਸੋਰਸ ਗਰੁੱਪ ਦੀ ਮੀਟਿੰਗ ਨਿਜੀ ਹੋਟਲ ਵਿਖੇ ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ ਅਤੇ ਪ੍ਰਿੰਸੀਪਲ ਗੌਰਮੈਂਟ ਮੈਡੀਕਲ ਕਾਲਜ ਡਾ.ਰਾਜੀਵ ਦੇਵਗਨ ਦੀ ਅਗਵਾਈ ਹੇਠ ਕੀਤੀ ਗਈ। ਇਸ ਮੀਟਿੰਗ ਦੌਰਾਨ ਨੈਸ਼ਨਲ ਪੱਧਰ ਤੋਂ ਆਏ ਵੱਖ ਵੱਖ ਸਟੇਟਾਂ ਦੇ ਨੁਮਾਇੰਦੇ ਸ਼ਾਮਿਲ ਹੋਏ। ਜਿਨਾਂ ਵਿੱਚ ਡਾਇਰੈਕਟਰ ਨੈਸ਼ਨਲ ਬਲੱਡ ਟਰਾਂਸਫਊਸ਼ਨ ਕੌਂਸਲ ਡਾ.ਕ੍ਰਿਸ਼ਨ ਕੁਮਾਰ,ਅਸਿਸਟੈਂਟ ਡਾਇਰੈਕਟਰ ਡਾ.ਮੇਘਾ ਪਰਵੀਨ,ਡਾ. ਰਜਿੰਦਰ ਚੌਧਰੀ ਅਤੇ ਡਾ.ਰੱਤੀ ਰਾਮ ਸ਼ਰਮਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਦੌਰਾਨ ਜਾਣਕਾਰੀ ਦਿੰਦਿਆਂ ਡਾ.ਕਿਰਨਦੀਪ ਕੌਰ ਨੇ ਦੱਸਿਆ ਕਿ ਦੱਸਿਆ ਕਿ ਇਸ ਮੀਟਿੰਗ ਵਿੱਚ ਬਲੱਡ ਟਰਾਂਸਫਊਸ਼ਨ, ਬਲੱਡ ਸਟੋਰੇਜ ਬਲੱਡ ਬੈਂਕ ਨਾਲ ਸੰਬੰਧਿਤ ਸਾਰੇ ਵਿਸ਼ਿਆਂ ਤੇ ਚਰਚਾ ਕੀਤੀ ਜਾਵੇਗੀ। ਵਿਸ਼ੇਸ਼ ਤੌਰ ਤੇ ਦੇਸ਼ ਵਿੱਚ ਕਿਸੇ ਵੀ ਜਗ੍ਹਾ ਤੇ ਹੰਗਾਮੀ ਹਾਲਾਤ ਜਾਂ ਕੁਦਰਤੀ ਆਫਤਾਂ ਨਾਲ ਨਜਿੱਠਣ ਲਈ ਵਿਸ਼ੇਸ਼ ਪੌਲਸੀ ਤਿਆਰ ਕੀਤੀ ਜਾਵੇਗੀ,ਤਾਂ ਜੋ ਦੇਸ਼ ਵਿੱਚ ਕਿਸੇ ਵੀ ਕੋਨੇ ਵਿੱਚ ਕੋਈ ਕੁਦਰਤੀ ਆਫਤ ਜਾਂ ਹੰਗਾਮੀ ਹਾਲਾਤ ਪੈਦਾ ਹੋਣ ਜਾਂ ਐਮਰਜੰਸੀ ਹਾਲਾਤਾਂ ਵਿੱਚ ਮਰੀਜ਼ਾਂ ਦੀ ਖ਼ੂਨ ਦੀ ਲੋੜ ਪੂਰੀ ਕੀਤੀ ਜਾ ਸਕੇ।

ਇਸ ਦੌਰਾਨ ਡਾ.ਨੀਲਮ ਮਰਵਾਹਾ,ਡਾ.ਆਰ ਆਰ ਸ਼ਰਮਾ, ਡਾ.ਵੰਸ਼ਰੀ,ਡਾ. ਜੈ ਸ਼੍ਰੀ ਸ਼ਰਮਾ,ਡਾ.ਦੇਵਸੀਸ਼ ਗੁਪਤਾ,ਡਾ.ਸੰਗੀਤਾ ਸਿਧਵਾਨੀ,ਡਾ.ਮੀਨਾ ਸਿੱਧੂ,ਡਾ.ਰਵਨੀਤ ਕੌਰ,ਸਟੇਟ ਪ੍ਰੋਗਰਾਮ ਅਫਸਰ ਮਨੀਸ਼ ਕੁਮਾਰ,ਅਮਰਦੀਪ ਸਿੰਘ,ਮਨਪ੍ਰੀਤ ਕੌਰ ਸਮੇਤ ਸਮੂਹ ਸਟਾਫ ਹਾਜ਼ਰ ਸਨ।

# ਸਰਪੰਚ, ਨੰਬਰਦਾਰ ਅਤੇ ਕੌਂਸਲਰ ਆਨਲਾਈਨ ਤਸਦੀਕ ਕਰਨਗੇ ਅਰਜ਼ੀਆਂ

ਲੁਧਿਆਣਾ, (ਸੁਖਚੈਨ ਮਹਿਰਾ) - ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਸਰਪੰਚ, ਨੰਬਰਦਾਰ ਅਤੇ ਨਗਰ ਨਿਗਮ ਕੌਂਸਲਰ (ਐਮ.ਸੀਜ਼) ਵੱਖ-ਵੱਖ ਸਰਟੀਫਿਕੇਟਾਂ ਲਈ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨਗੇ।

ਪੰਜਾਬ ਸਰਕਾਰ ਵਲੋਂ ਲੋਕਾਂ ਦੀ ਖੱਜਲ ਖੁਆਰੀ ਘਟਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਜਿਸਦੇ ਤਹਿਤ ਨਿਵੇਕਲੀ ਪਹਿਲਕਦਮੀ ਰਾਹੀਂ ਨਾਗਰਿਕਾਂ ਨੂੰ ਸਰਪੰਚਾਂ, ਨੰਬਰਦਾਰਾਂ ਅਤੇ ਐਮ.ਸੀਜ ਤੋਂ ਦਸਤਖ਼ਤ ਕਰਵਾਉਣ ਲਈ ਉਨ੍ਹਾਂ ਕੋਲ ਵਾਰ-ਵਾਰ ਆਉਣ-ਜਾਣ ਦੇ ਝੰਜਟ ਤੋਂ ਛੁਟਕਾਰਾ ਮਿਲੇਗਾ।

ਡਿਪਟੀ ਕਮਿਸ਼ਨਰ ਜੋਰਵਾਲ ਨੇ ਦੱਸਿਆ ਕਿ ਸਭ ਤੋਂ ਵੱਧ ਮੰਗ ਵਾਲੀਆਂ ਸੇਵਾਵਾਂ ਜਿਵੇਂ ਰਿਹਾਇਸ਼ੀ ਸਰਟੀਫਿਕੇਟ, ਜਾਤੀ (ਐਸ.ਸੀ/ਬੀ.ਸੀ/ਓ.ਬੀ.ਸੀ.) ਸਰਟੀਫਿਕੇਟ, ਆਮਦਨ ਸਰਟੀਫਿਕੇਟ, ਈ.ਡਬਲਿਊ.ਐਸ. ਸਰਟੀਫਿਕੇਟ, ਬੁਢਾਪਾ ਪੈਨਸ਼ਨ ਸਬੰਧੀ ਅਰਜ਼ੀਆਂ ਤਸਦੀਕ ਲਈ ਸਬੰਧਤ ਸਰਪੰਚ, ਨੰਬਰਦਾਰ ਅਤੇ ਐਮ.ਸੀ. ਨੂੰ ਆਨਲਾਈਨ ਭੇਜੀਆਂ ਜਾਣਗੀਆਂ। ਇਹਨਾਂ ਸੇਵਾਵਾਂ ਲਈ ਪੇਂਡੂ ਖੇਤਰਾਂ ਵਿੱਚ ਸਰਪੰਚਾਂ ਅਤੇ ਨੰਬਰਦਾਰਾਂ ਕੋਲੋਂ ਅਤੇ ਸ਼ਹਿਰੀ ਖੇਤਰਾਂ ਵਿੱਚ ਐਮ.ਸੀ. ਕੋਲੋਂ ਤਸਦੀਕ ਕਰਵਾਉਣ ਦੀ ਜ਼ਰੂਰਤ ਹੁੰਦੀ ਹੈ। ਇਸ ਪ੍ਰਾਜੈਕਟ ਦੇ ਸ਼ੁਰੂ ਹੋਣ ਨਾਲ, ਪਟਵਾਰੀ ਹੁਣ ਤਸਦੀਕ ਲਈ ਸਰਪੰਚ, ਨੰਬਰਦਾਰ ਜਾਂ ਐਮ.ਸੀ. ਨੂੰ ਆਨਲਾਈਨ ਅਰਜ਼ੀਆਂ ਭੇਜਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਆਨਲਾਈਨ ਪ੍ਰਾਜੈਕਟ ਦੀ ਸ਼ੁਰੂਆਤ ਨਾਲ ਉਨ੍ਹਾਂ ਨਾਗਰਿਕਾਂ ਤੋਂ ਬੋਝ ਘਟੇਗਾ, ਜਿਨ੍ਹਾਂ ਨੂੰ ਪਹਿਲਾਂ ਵਾਲੀ ਮੁਸ਼ਕਲ ਪ੍ਰਕਿਰਿਆ ਅਧੀਨ ਸਰਪੰਚਾਂ, ਨੰਬਰਦਾਰਾਂ ਜਾਂ ਐਮ.ਸੀਜ਼ ਤੋਂ ਦਸਤਖਤ ਕਰਵਾਉਣ ਲਈ ਉਨ੍ਹਾਂ ਕੋਲ ਵਾਰ-ਵਾਰ ਜਾਣਾ ਪੈਂਦਾ ਸੀ।

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਕਿਹਾ ਕਿ ਨਾਗਰਿਕਾਂ ਨੂੰ ਦਫ਼ਤਰਾਂ ਵਿੱਚ ਖੱਜਲ ਖੁਆਰ ਨਾ ਕੀਤਾ ਜਾਵੇ ਅਤੇ ਪਾਰਦਰਸ਼ੀ ਪ੍ਰਸ਼ਾਸ਼ਕੀ

# ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਵੱਲੋਂ ਰਾਸ਼ਨ ਡਿਪੂਆਂ ਦਾ ਅਚਨਚੇਤ ਨਿਰੀਖਣ

ਲੁਧਿਆਣਾ, (ਸੁਖਚੈਨ ਮਹਿਰਾ, ਨਰੇਸ਼ ਹੰਸ) - ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਰਾਸ਼ਨ ਡਿਪੂਆਂ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦਾ ਮੰਤਵ ਡਿਪੂਆਂ ਰਾਹੀਂ ਰਾਸ਼ਨ ਦੀ ਵੰਡ ਦੀ ਸਮੀਖਿਆ ਕਰਨਾ ਸੀ।

ਚੇਅਰਮੈਨ ਸ਼ਰਮਾ ਨੇ ਬਾੜੇਵਾਲ ਰੋਡ ਤੇ ਅਤੇ ਹੋਰ ਇਲਾਕਿਆਂ ਵਿੱਚ ਸਰਕਾਰੀ ਰਾਸ਼ਨ ਡਿਪੂਆਂ ਦੀ ਚੈਕਿੰਗ ਕੀਤੀ। ਉਨ੍ਹਾਂ ਰਾਸ਼ਨ ਲੈਣ ਆਏ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਜਾਣਕਾਰੀ ਦਿੱਤੀ। ਨਿਰੀਖਣ ਦੌਰਾਨ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਅਤੇ ਸਬੰਧਤ ਅਧਿਕਾਰੀ ਵੀ ਹਾਜ਼ਰ ਸਨ।

ਸ਼ਰਮਾ ਨੇ ਦੱਸਿਆ ਕਿ ਸਰਕਾਰ ਜਨਵਰੀ ਤੋਂ ਮਾਰਚ ਤੱਕ ਤਿੰਨ ਮਹੀਨਿਆਂ ਦੀ ਯੋਜਨਾ ਤਹਿਤ ਕਣਕ ਵੰਡ ਰਹੀ ਹੈ। ਅੰਕੜਿਆਂ ਅਨੁਸਾਰ ਜ਼ਿਲ੍ਹੇ ਵਿੱਚ ਕਰੀਬ 87 ਫੀਸਦੀ ਕਣਕ ਪਹਿਲਾਂ ਹੀ ਵੰਡੀ ਜਾ ਚੁੱਕੀ ਹੈ। ਇਸ ਤੋਂ ਇਲਾਵਾ, ਸਾਰੇ ਸਰਕਾਰੀ ਰਾਸ਼ਨ ਡਿਪੂਆਂ ਵਿੱਚ ਬਾਇਓਮੀਟ੍ਰਿਕ ਮਸ਼ੀਨਾਂ ਅਤੇ ਇਲੈਕਟ੍ਰਾਨਿਕ ਕੰਡਿਆਂ ਦੀ ਸ਼ੁਰੂਆਤ ਨਾਲ ਰਾਸ਼ਨ ਵੰਡ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਵਧੀ ਹੈ, ਜਿਸ ਨਾਲ ਜਨਤਾ ਨੂੰ ਰਾਹਤ ਮਿਲੀ ਹੈ।

ਚੇਅਰਮੈਨ ਨੇ ਅੱਗੇ ਦੱਸਿਆ ਕਿ ਅਚਨਚੇਤ ਦੌਰੇ ਲਗਾਤਾਰ ਕੀਤੇ ਜਾ ਰਹੇ ਹਨ ਅਤੇ ਜੇਕਰ ਭਲਾਈ ਸਕੀਮਾਂ ਵਿੱਚ ਕੋਈ ਅਣਗਹਿਲੀ ਪਾਈ ਗਈ ਤਾਂ ਕਮਿਸ਼ਨ ਜ਼ਿੰਮੇਵਾਰ ਧਿਰਾਂ ਵਿਰੁੱਧ ਸਖ਼ਤ ਕਾਰਵਾਈ ਕਰੇਗਾ।

ਇਸ ਤੋਂ ਪਹਿਲਾਂ ਸ਼ਰਮਾ ਨੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਸਕੂਲ ਹੈਲਥ ਪ੍ਰੋਗਰਾਮ, ਅੰਤੋਦਿਆ ਅੰਨ ਯੋਜਨਾ (ਏ.ਏ.ਵਾਈ.), ਵਾਜਬ ਕੀਮਤ ਦੀਆਂ ਦੁਕਾਨਾਂ, ਏਕੀਕ੍ਰਿਤ ਬਾਲ ਵਿਕਾਸ ਯੋਜਨਾ, ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ, ਰਾਸ਼ਟਰੀ ਖੁਰਾਕ ਸੁਰੱਖਿਆ ਐਕਟ, ਮਿਡ-ਡੇ-ਮੀਲ ਅਤੇ ਸਿਹਤ ਟੀਮਾਂ ਦੁਆਰਾ ਭੋਜਨ/ਪਾਣੀ ਦੇ ਨਮੂਨੇ ਆਦਿ ਸਮੇਤ ਵੱਖ-ਵੱਖ ਸਕੀਮਾਂ ਅਤੇ ਪ੍ਰੋਗਰਾਮਾਂ ਦੀ ਸਮੀਖਿਆ ਕੀਤੀ।

ਇਸ ਤੋਂ ਇਲਾਵਾ ਚੇਅਰਮੈਨ ਸ਼ਰਮਾ ਨੇ ਮਿਡ-ਡੇ-ਮੀਲ ਦੀ ਨਿਯਮਤ ਜਾਂਚ ਦੀ ਲੋੜ ਤੇ ਵੀ ਜ਼ੋਰ ਦਿੱਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਸਕੂਲਾਂ ਵਿੱਚ ਭੋਜਨ ਟੈਸਟ ਰਜਿਸਟਰ ਰੱਖਣ, ਬੱਚਿਆਂ ਨੂੰ ਮਿਆਰੀ ਖੁਰਾਕ ਮੁਹੱਈਆ ਕਰਵਾਉਣ ਅਤੇ ਖਾਣਾ



ਬਣਾਉਂਦੇ ਸਮੇਂ ਸਾਫ਼-ਸਫ਼ਾਈ ਰੱਖਣ ਲਈ ਕਿਹਾ। ਸਕੂਲਾਂ ਵਿੱਚ ਪੀਣ ਵਾਲੇ ਪਾਣੀ ਦੀ ਗੁਣਵੱਤਾ ਨੂੰ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਅਤੇ ਜਿਨ੍ਹਾਂ ਸਕੂਲਾਂ ਵਿੱਚ ਇਹ ਸਹੂਲਤ ਨਹੀਂ ਹੈ, ਉੱਥੇ ਆਰ.ਓ ਸਿਸਟਮ ਵਿਕਸਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸਿਹਤ ਜਾਂਚ ਅਤੇ ਮਿਡ-ਡੇ-ਮੀਲ ਵਰਕਰਾਂ ਦਾ ਹਰ ਛੇ ਮਹੀਨੇ ਬਾਅਦ ਮੈਡੀਕਲ ਚੈਕਅੱਪ ਕੀਤਾ ਜਾਵੇ।

ਇਸ ਮੌਕੇ ਡੀ.ਡੀ.ਪੀ.ਓ ਨਵਦੀਪ ਕੌਰ, ਡੀ.ਐਫ.ਐਸ.ਸੀ. ਸਰਤਾਜ ਸਿੰਘ ਚੀਮਾ, ਡੀ.ਪੀ.ਓ ਗੁਲਬਹਾਰ ਸਿੰਘ ਤੂਰ, ਸਹਾਇਕ ਸਿਵਲ ਸਰਜਨ ਵਿਵੇਕ ਕਟਾਰੀਆ ਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਕਾਨਪੁਰ ਦੇ ਭਾਜਪਾ ਮੈਂਬਰਾਂ ਨੇ ਜ਼ਿਲ੍ਹਾ ਪੰਚਾਇਤ ਪ੍ਰਧਾਨ ਸਵਪਨਿਲ ਵਰੁਣ ਦੀ ਸੱਸ ਨੂੰ ਸ਼ਰਧਾਂਜਲੀ ਦਿੱਤੀ।

ਕਾਨਪੁਰ।( ਸੁਨੀਲ ਬਾਜਪਾਈ) ਸੰਸਾਰ ਵਿੱਚ ਜਨਮ ਅਤੇ ਬਾਅਦ ਵਿੱਚ ਮੌਤ ਦੇ ਦੌਰਾਨ ਸਰੀਰਕ ਸਰੀਰ ਨੂੰ ਤਿਆਗ ਕੇ ਸੂਖਮ ਸਰੀਰ ਵਿੱਚ ਪ੍ਰਵੇਸ਼ ਕਰਨ ਵਾਲੀ ਸਮਾਜ ਸੇਵੀ ਲਕਸ਼ਮੀ ਦੇਵੀ ਨੇ ਇੱਥੇ ਜਨ ਪ੍ਰਤੀਨਿਧਾਂ ਅਤੇ ਭਾਜਪਾ ਦੇ ਆਗੂਆਂ ਅਤੇ ਹੋਰ ਪਤਵੰਤਿਆਂ ਸਮੇਤ ਉਨ੍ਹਾਂ ਦੇ ਤ੍ਰਯੋਦਸ਼ੀ ਸੰਸਕਾਰ ਵਿੱਚ ਭਾਗ ਲੈ ਕੇ ਲਕਸ਼ਮੀ ਦੇਵੀ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ। ਸਾਕੇਤ ਨਗਰ ਦੀ ਰਹਿਣ ਵਾਲੀ ਲਕਸ਼ਮੀ ਦੇਵੀ ਆਪਣੇ ਪਿੱਛੇ ਪੂਰਾ ਪਰਿਵਾਰ ਮਨੀਸ਼ ਸਿੰਘ, ਅਸ਼ੀਸ਼ ਸਿੰਘ ਛੱਡ ਗਈ ਹੈ। ਉਹ ਜ਼ਿਲ੍ਹਾ ਪੰਚਾਇਤ ਪ੍ਰਧਾਨ ਸ੍ਰੀਮਤੀ ਸਵਪਨਿਲ ਵਰੁਣ ਦੀ ਸੱਸ ਵੀ ਸਨ।

ਹਰ ਕਿਸੇ ਦੇ ਸੁੱਖ-ਦੁੱਖ ਵਿੱਚ ਹਮੇਸ਼ਾ ਨਾਲ ਖੜ੍ਹਨ ਵਾਲੇ ਸਾਦੇ ਸੁਭਾਅ ਦੇ ਭਾਜਪਾ ਆਗੂ ਸਵਪਨਿਲ ਵਰੁਣ, ਜ਼ਿਲ੍ਹਾ ਪੰਚਾਇਤ ਪ੍ਰਧਾਨ, ਜ਼ਿਲ੍ਹਾ ਪੰਚਾਇਤ ਪ੍ਰਧਾਨ, ਭਾਜਪਾ ਆਗੂ ਸਵਪਨਿਲ ਵਰੁਣ ਦੀ ਮਾਤਾ ਕਮਲ ਰਾਣੀ ਵਰੁਣ, ਘਾਤਮਪੁਰ ਤੋਂ ਦੋ ਵਾਰ ਸੰਸਦ ਮੈਂਬਰ, ਇੱਕ ਵਾਰ ਵਿਧਾਇਕ ਹੋਣ ਦੇ ਨਾਲ-ਨਾਲ ਯੂਪੀ ਸਰਕਾਰ ਵਿੱਚ ਮੰਤਰੀ ਵੀ ਰਹਿ ਚੁੱਕੀ ਹੈ। 2020 ਚ ਮੌਤਾਂ ਦੇ ਮਾਮਲੇ ਚ ਦੁਨੀਆ ਦੀ ਸਭ ਤੋਂ ਭਿਆਨਕ ਮਹਾਮਾਰੀ ਕੋਰੋਨਾ ਮਹਾਮਾਰੀ ਨੇ ਉਸ ਨੂੰ ਇਸ ਦੁਨੀਆ ਤੋਂ ਜਾਣ ਲਈ ਮਜ਼ਬੂਰ ਕਰ ਦਿੱਤਾ ਸੀ। ਇਸ ਸਮੇਂ ਹਰ ਜਾਤੀ, ਹਰ ਧਰਮ ਅਤੇ ਹਰ ਵਰਗ ਦੇ ਲੋਕਾਂ ਵਿੱਚ ਆਪਣਾ ਦਬਦਬਾ ਰੱਖਣ ਵਾਲੇ ਜ਼ਿਲ੍ਹਾ ਪੰਚਾਇਤ ਪ੍ਰਧਾਨ ਸਵਪਨਿਲ ਵਰੁਣ ਵੀ ਆਪਣੀ ਮਾਤਾ ਕਮਲ ਰਾਣੀ ਵਰੁਣ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੇ ਹਨ, ਜੋ ਸਮਾਜ ਸੇਵਾ ਅਤੇ ਲੋਕ ਹਿੱਤਾਂ ਦੇ ਮਾਮਲੇ ਵਿੱਚ ਲੋਕਾਂ ਵਿੱਚ ਹਰਮਨ ਪਿਆਰੇ ਸਨ।

ਸ਼ੋਸ਼ਿਤ, ਵੰਚਿਤ ਅਤੇ ਦਲਿਤਾਂ ਦੀ ਭਲਾਈ ਦੇ ਕੰਮਾਂ ਵਿੱਚ ਮੋਹਰੀ ਰਹਿਣ ਵਾਲੇ ਅਤੇ ਜਨਤਕ ਸਮੱਸਿਆਵਾਂ ਪ੍ਰਤੀ ਮੁੱਢ ਤੋਂ ਹੀ ਜੁਝਾਰੂ ਰਵੱਈਏ ਰੱਖਣ ਵਾਲੇ ਜ਼ਿਲ੍ਹਾ ਪੰਚਾਇਤ ਪ੍ਰਧਾਨ ਸਵਪਨਿਲ ਵਰੁਣ ਦੀ ਸੱਸ



ਲਕਸ਼ਮੀ ਦੇਵੀ ਨੂੰ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਭਾਜਪਾ ਸਮੇਤ ਵੱਖ-ਵੱਖ ਪਾਰਟੀਆਂ ਦੇ ਲੋਕ ਨੁਮਾਇੰਦੇ ਆਗੂ ਠਾਕੁਰ ਐਸ.ਕੇ.ਸਿੰਘ, ਭਾਜਪਾ ਜਥੇਬੰਦੀ ਦੇ ਸੂਬਾ ਪ੍ਰਧਾਨ ਕਨਵੀਨਰ ਮਨਮੋਹਨ ਸਿੰਘ ਆਦਿ ਸ਼ਾਮਲ ਸਨ ਸ਼ਾ ਤਿਵਾੜੀ, ਰਾਕੇਸ਼ ਸ਼ਰਮਾ, ਆਰ.ਕੇ.ਤਿਵਾਰੀ ਕੇ.ਡੀ.ਤਿਵਾਰੀ ਅਤੇ ਵਿਧਾਨ ਸਭਾ ਸਪੀਕਰ ਸਤੀਸ਼ ਮਹਾਨਾ ਦੇ ਨੁਮਾਇੰਦੇ। ਭਾਜਪਾ ਆਗੂ ਸੁਰਿੰਦਰ ਅਵਸਥੀ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਬੋਲੇਪਨ ਤੋਂ ਬਚਾਓ ਲਈ ਕੰਨਾਂ ਦੀ ਦੇਖਭਾਲ ਜਰੂਰੀ-ਡਾ. ਕਿਰਨਦੀਪ ਕੌਰ




ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ)

ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਰਾਸ਼ਟਰੀ ਸੁਨਨ ਸ਼ਕਤੀ ਦਿਵਸ ਨੂੰ ਸਮਰਪਿਤ ਇੱਕ ਜਾਗਰੂਕਤਾ ਵਰਕਸ਼ਾਪ ਦਾ ਆਯੋਜਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ.ਕਿਰਨਦੀਪ ਕੌਰ ਨੇ ਦੱਸਿਆ ਕਿ ਬੋਲੇਪਨ ਤੋਂ ਬਚਾ ਲਈ ਕੰਨਾਂ ਦੀ ਦੇਖਭਾਲ ਬਹੁਤ ਜਰੂਰੀ ਹੈ। ਕੰਨ ਮਨੁੱਖੀ ਸਰੀਰ ਦਾ ਬਹੁਤ ਹੀ ਮਹੱਤਵਪੂਰਨ ਅੰਗ ਹਨ, ਇਹਨਾਂ ਦੀਆਂ ਬੀਮਾਰੀਆਂ ਪ੍ਰਤੀ ਜੇਕਰ ਅਣਗਹਿਲੀ ਕੀਤੀ ਜਾਵੇ ਤਾਂ ਮਨੁੱਖ ਬੋਲੇਪਨ ਦਾ ਸ਼ਿਕਾਰ ਹੋ ਸਕਦਾ ਹੈ। ਇਸ ਲਈ ਕੰਨਾਂ ਦੀ ਦੇਖਭਾਲ ਪ੍ਰਤੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਹਨਾਂ ਕਿਹਾ ਕਿ ਗੂੰਗੇ ਅਤੇ ਬੋਲੇਪਨ ਦੀ ਸਮੱਸਿਆ ਕਾਰਨ ਮਰੀਜ਼ ਆਮ ਲੋਕਾਂ ਅਤੇ ਸਮਾਜ ਤੋਂ ਕੱਟਿਆ ਜਾਂਦਾ ਹੈ। ਜਿਸ ਕਾਰਨ ਉਹਨਾਂ ਨੂੰ ਭਾਰੀ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਤੇਜ ਆਵਾਜ਼,ਦੂਸ਼ਿਤ ਵਾਤਾਵਰਨ,ਗੰਦੇ ਪਾਣੀ,ਕੰਨ ਵਿੱਚ ਨੁਕੀਲੀ ਚੀਜ਼ ਮਾਰਨ ਆਦਿ ਕਾਰਣ ਬਹੁਤ ਸਾਰੇ ਕੰਨਾਂ ਦੇ ਰੋਗ ਹੋ ਸਕਦੇ ਹਨ। ਇਸ ਤੋਂ ਇਲਾਵਾ ਤੇਜ ਆਵਾਜ਼, ਸ਼ੋਰ,ਪ੍ਰੈਸ਼ਰ ਹਾਰਨ ਹੈਡਫੋਨਾਂ ਦੀ ਜਿਆਦਾ ਵਰਤੋਂ ਅਤੇ ਤੇਜ਼ ਮਿਊਜਿਕ ਕੰਨਾਂ ਤੇ ਮਾੜੇ ਪ੍ਰਭਾਵ ਪਾਉਂਦੇ ਹਨ। ਇਸ ਲਈ ਕਿਸੇ ਵੀ ਕੰਨਾਂ ਦੀ ਸਮੱਸਿਆ ਹੋਣ ਦੀ ਸੂਰਤ ਵਿੱਚ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ।

ਇਸ ਮੌਕੇ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ.ਨੀਲਮ ਭਗਤ,ਜਿਲਾ ਟੀਕਾਕਰਨ ਅਫਸਰ ਡਾ.ਭਾਰਤੀ ਧਵਨ, ਅਮਰਦੀਪ ਸਿੰਘ,ਡਾ.ਪ੍ਰੀਤ ਵਿੰਨ ਕੌਰ,ਡਾ.ਸਰਤਾਜ ਸਿੰਘ,ਡਾ. ਜਸਕਰਨ ਜੋਤ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

# *ਸਕੂਲ ਆਫ ਐਮੀਨੈਂਸ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ ਪੇਂਟਿੰਗ ਮੁਕਾਬਲੇ



ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵਲੋਂ ਨਸ਼ਿਆਂ ਦੀ ਰੋਕਥਾਮ ਲਈ 'ਯੁੱਧ ਨਸ਼ਿਆਂ ਵਿਰੁੱਧ' ਜਾਗਰੂਕਤਾ ਮੁਹਿੰਮ ਤਹਿਤ ਸਕੂਲ ਆਫ ਐਮੀਨੈਂਸ ਕਪੂਰਥਲਾ ਵਿਖੇ ਕਰਵਾਏ ਗਏ ਪੇਂਟਿੰਗ ਮੁਕਾਬਲਿਆਂ ਵਿਚ ਐਸ.ਡੀ.ਐਮ ਮੇਜਰ ਡਾ.ਇਰਵਿਨ ਕੌਰ ਤੇ ਡੀ.ਐਸ.ਪੀ.ਦੀਪ ਕਰਨ ਸਿੰਘ ਵੱਲੋਂ ਸ਼ਿਰਕਤ ਕੀਤੀ ਗਈ।

ਐਸ.ਡੀ.ਐਮ.ਮੇਜਰ ਡਾ.ਇਰਵਿਨ ਕੌਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਕਪੂਰਥਲਾ ਦੇ ਵੱਖ-ਵੱਖ ਸਕੂਲਾਂ ਤੇ ਕਾਲਜਾਂ ਵਿਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਉਣ ਲਈ ਮੁਹਿੰਮ ਸ਼ੁਰੂ ਕੀਤੀ ਗਈ ਹੈ।

ਇਸ ਮੁਹਿੰਮ ਤਹਿਤ ਸਮੂਹ ਪ੍ਰਿੰਸੀਪਲ ਤੇ ਸਕੂਲ ਮੁਖੀਆਂ ਨੂੰ ਕਿਹਾ ਗਿਆ ਹੈ ਕਿ ਉਹ ਬੱਚਿਆਂ ਨੂੰ ਸਵੇਰ ਦੀ ਸਭਾ ਵਿਚ ਨਸ਼ੇ ਵਿਰੁੱਧ ਜਾਗਰੂਕ ਕਰਨ ਤੇ ਰੋਜ਼ਾਨਾ ਦੇ ਆਧਾਰ 'ਤੇ ਸਕੂਲਾਂ ਵਿਚ ਨਸ਼ਾ ਵਿਰੋਧੀ ਸੈਮੀਨਾਰ, ਪੇਂਟਿੰਗ ਤੇ ਭਾਸ਼ਣ ਮੁਕਾਬਲੇ ਕਰਵਾਏ ਜਾਣ ਤਾਂ ਜੋ ਵਿਦਿਆਰਥੀਆਂ ਨੂੰ ਇਨ੍ਹਾਂ ਪੇਂਟਿੰਗ ਮੁਕਾਬਲੇ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਈਆ ਜਾ ਸਕੇ।

ਉਨ੍ਹਾਂ ਦੱਸਿਆ ਕਿ ਬਲਾਕ ਪੱਧਰੀ ਮੁਕਾਬਲਿਆਂ ਤੋਂ ਬਾਅਦ ਵਿਦਿਆਰਥੀਆਂ ਦੇ ਉਪ ਮੰਡਲ ਪੱਧਰ 'ਤੇ ਮੁਕਾਬਲੇ ਕਰਵਾਏ ਜਾਣਗੇ ਤਾਂ ਜੋ ਬੱਚੇ ਨਸ਼ਾ ਵਿਰੋਧੀ ਮੁਹਿੰਮ ਵਿਚ ਇਕ ਦੂਤ ਦੀ ਭੂਮਿਕਾ ਨਿਭਾ ਸਕਣ।

# ਬੋਲੇਪਨ ਤੋਂ ਬਚਾਓ ਲਈ ਕੰਨਾਂ ਦੀ ਦੇਖਭਾਲ ਜਰੂਰੀ -ਡਾ.ਕਿਰਨਦੀਪ ਕੌਰ

ਅੰਮ੍ਰਿਤਸਰ, (ਲੋਕ ਬਾਣੀ) ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਰਾਸ਼ਟਰੀ ਸੁਨਣ ਸ਼ਕਤੀ ਦਿਵਸ ਨੂੰ ਸਮਰਪਿਤ ਇੱਕ ਜਾਗਰੁਕਤਾ ਵਰਕਸ਼ਾਪ ਦਾ ਆਯੋਜਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ. ਕਿਰਨਦੀਪ ਕੌਰ ਨੇ ਦੱਸਿਆ ਕਿ ਬੋਲੇਪਨ ਤੋਂ ਬਚਾ ਲਈ ਕੰਨਾਂ ਦੀ ਦੇਖਭਾਲ ਬਹੁਤ ਜਰੂਰੀ ਹੈ। ਕੰਨ ਮਨੁੱਖੀ ਸਰੀਰ ਦਾ ਬਹੁਤ ਹੀ ਮਹੱਤਵਪੂਰਨ ਅੰਗ ਹਨ, ਇਹਨਾਂ ਦੀਆਂ ਬੀਮਾਰੀਆਂ ਪ੍ਰਤੀ ਜੇਕਰ ਅਣਗਹਿਲੀ ਕੀਤੀ ਜਾਵੇ ਤਾਂ ਮਨੁੱਖ ਬੋਲੇਪਨ ਦਾ ਸ਼ਿਕਾਰ ਹੋ ਸਕਦਾ ਹੈ। ਇਸ ਲਈ ਕੰਨਾਂ ਦੀ ਦੇਖਭਾਲ ਪ੍ਰਤੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਉਹਨਾਂ ਕਿਹਾ ਕਿ ਗੂੰਗੇ ਅਤੇ ਬੋਲੇਪਨ ਦੀ ਸਮੱਸਿਆ ਕਾਰਨ ਮਰੀਜ਼ ਆਮ ਲੋਕਾਂ ਅਤੇ ਸਮਾਜ ਤੋਂ ਕੱਟਿਆ ਜਾਂਦਾ ਹੈ। ਜਿਸ ਕਾਰਨ ਉਹਨਾਂ ਨੂੰ ਭਾਰੀ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਤੇਜ ਆਵਾਜ਼, ਦੂਸ਼ਿਤ ਵਾਤਾਵਰਨ, ਗੰਦੇ ਪਾਣੀ, ਕੰਨ ਵਿੱਚ ਨੁਕੀਲੀ ਚੀਜ਼ ਮਾਰਨ ਆਦਿ ਕਾਰਣ ਬਹੁਤ ਸਾਰੇ ਕੰਨਾਂ ਦੇ ਰੋਗ ਹੋ ਸਕਦੇ ਹਨ। ਇਸ ਤੋਂ ਇਲਾਵਾ ਤੇਜ ਆਵਾਜ਼, ਸ਼ੋਰ, ਪ੍ਰੈਸ਼ਰ ਹਾਰਨ ਹੈਡਫੋਨਾਂ ਦੀ ਜਿਆਦਾ ਵਰਤੋਂ ਅਤੇ ਤੇਜ਼ ਮਿਊਜਿਕ ਕੰਨਾਂ ਤੇ ਮਾੜੇ ਪ੍ਰਭਾਵ ਪਾਉਂਦੇ ਹਨ। ਇਸ ਲਈ ਕਿਸੇ ਵੀ ਕੰਨਾਂ ਦੀ ਸਮੱਸਿਆ ਹੋਣ ਦੀ ਸੂਰਤ ਵਿੱਚ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਇਸ ਮੌਕੇ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ, ਅਮਰਦੀਪ ਸਿੰਘ, ਡਾ ਪ੍ਰੀਤ ਵਿੰਦ ਕੌਰ, ਡਾ ਸਰਤਾਜ ਸਿੰਘ, ਡਾ ਜਸਕਰਨ ਜੋਤ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।




# ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੇ ਨਾਲ ਵਿਕਸਿਤ ਭਾਰਤ ਯੂਥ ਪਾਰਲੀਮੈਂਟ 2025 ਦਾ ਆਯੋਜਨ ।



ਦੀਨਾਨਗਰ (ਡਾ.ਰਮੇਸ਼ ਸਹਿਗਲ ) ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ, ਦੀਨਾਨਗਰ ਮਾਣ ਦੇ ਨਾਲ ਵਿਕਸਿਤ ਭਾਰਤ ਯੂਥ ਪਾਰਲੀਮੈਂਟ 2025 ਦਾ ਆਯੋਜਨ ਪ੍ਰਿੰਸੀਪਲ ਡਾ. ਸਰਲਾ ਨਿਰੰਕਾਰੀ ਜੀ ਅਤੇ ਨਹਿਰੂ ਯੁਵਾ ਕੇਂਦਰ ਦੀ ਡਾਇਰੈਕਟਰ ਸ਼੍ਰੀ ਮਤੀ ਸੰਦੀਪ ਦੇ ਦਿਸ਼ਾ ਨਿਰਦੇਸ਼ਾ ਵਿਚ ਕੀਤਾ ਜਾ ਰਿਹਾ ਹੈ। ਇਸ ਦੇ ਲਈ ਰਜਿਸਟ੍ਰੇਸ਼ਨ ਕਰਵਾਉਣ ਅਤੇ ਵੀਡੀਓ ਅਪਲੋਡ ਕਰਨ ਦੀ ਆਖਰੀ ਮਿਤੀ 9 ਮਾਰਚ ਹੈ ਅਤੇ ਜੋ 12-13 ਮਾਰਚ ਨੂੰ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਜਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰ ਤੇ ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ ਵਿਚ ਆਯੋਜਿਤ ਕੀਤਾ ਜਾਵੇਗਾ। ਇਸ ਦੌਰਾਨ 150 ਪ੍ਰਤਿਭਾਗੀਆਂ ਨੂੰ ਅਗਲੇ ਰਾਊਂਡ ਲਈ ਧਿਆਨਪੂਰਵਕ ਸ਼ੋਰਟ ਲਿਸਟ ਕੀਤਾ ਜਾਵੇਗਾ, ਤਾਂ ਕਿ ਹਰੇਕ ਜ਼ਿਲੇ ਵਿਚੋਂ ਨਿਸ਼ਪਖ ਅਤੇ ਸਮਾਨ ਪ੍ਰਤੀਨਿਧੀ ਚੁੱਣਿਆ ਜਾ ਸਕੇ, ਜਿਸ ਵਿੱਚ ਵਿਦਿਆਰਥਣਾਂ ਨੂੰ ਜੂਰੀ ਮੈਂਬਰ ਦੇ ਸਾਹਮਣੇ ਅਪਣਾ ਵਿਅਕਤਿਤਵ ਪੇਸ਼ ਕਰਨਾ ਹੋਵੇਗਾ ਅਤੇ ਵਿਕਸਿਤ ਭਾਰਤ ਯੂਥ ਪਾਰਲੀਮੈਂਟ 20 25, ਵਿਕਸਿਤ ਭਾਰਤ 02047 ਦੇ ਦ੍ਰਿਸ਼ਟੀਕੋਣ ਦੇ ਨਾਲ ਪੂਰੀ ਤਰ੍ਹਾਂ ਨਾਲ ਮੇਲ ਖਾਂਦਾ ਹੈ ਜੋ ਭਾਰਤ ਨੂੰ ਅਪਣੀ ਸੁਤੰਤਰਤਾ ਦੀ ਸ਼ਤਾਬਦੀ ਤੱਕ ਇਕ ਵਿਕਸਿਤ ਦੇਸ਼ ਬਨਣ ਲਈ ਸਹਾਇਕ ਅਤੇ ਮਹੱਤਵਪੂਰਨ ਮਾਰਗਦਰਸ਼ਨ ਹੈ। ਜਿਲਾ ਨੋਡਲ ਸੰਸਥਾ ਦੇ ਰੂਪ ਵਿਚ ਸ਼ਾਂਤੀ ਦੇਵੀ ਆਰਿਆ ਮਹਿਲਾ ਕਾਲਜ, ਇਹਨਾਂ ਜਿਲਾ ਪੱਧਰੀ ਰਾਊਂਡ ਦਾ ਆਯੋਜਨ ਕਰੇਗੀ। ਜਿਸ ਨਾਲ ਤਿੰਨ ਜਿਲਿਆਂ ਦੇ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਇੱਕ ਸਹਿਯੋਗੀ ਅਤੇ ਪ੍ਰੇਰਣਾ ਯੁਕਤ ਅਨੁਭਵ ਮਿਲੇਗਾ।

# ਮਜੀਠੀਏ ਵੱਲੋਂ ਕਿਸਾਨਾਂ ਦੇ ਹੱਕ 'ਚ ਮਾਰਿਆ ਹਾਅ ਦਾ ਨਾਅਰਾ ਸ਼ਲਾਘਾਯੋਗ- ਬਿੰਦਰ ਠੱਕਰਵਾਲ ਕਿਹਾ,ਕਿਸਾਨਾਂ ਦਾ ਡਟਕੇ ਸਾਥ ਦਿੱਤਾ ਜਾਵੇਗਾ

ਫ਼ਗਵਾੜਾ-ਜੋਧਾਂ (ਸੁਸ਼ੀਲ ਸ਼ਰਮਾ) ਮਾਰਕੀਟ ਕਮੇਟੀ ਲੁਧਿਆਣਾ ਮੰਡੀ ਬੋਰਡ ਦੇ ਸਾਬਕਾ ਚੇਅਰਮੈਨ ਤੇ ਉੱਘੇ ਅਕਾਲੀ ਆਗੂ ਹਰਮਿੰਦਰ ਸਿੰਘ ਬਿੰਦਰ ਠੱਕਰਵਾਲ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਿਰਮੌਰ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਆਪਣੀਆਂ ਹੱਕਾਂ ਤੇ ਹਿੱਤਾਂ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਕਿਸਾਨਾਂ ਦੇ ਹੱਕ ' ਚ ਜਿੱਥੇ ਹਾਅ ਦਾ ਨਾਅਰਾ ਮਾਰਿਆ ਹੈ ਉਥੇ ਸਮੇਂ ਦੇ ਹਾਕਮਾਂ ਨੂੰ ਕਿਸਾਨੀ ਮੰਗਾਂ ਲਾਗੂ ਕਰਨ ਦੀ ਜਿਹੜੀ ਗੱਲ ਆਖੀ ਹੈ ਉਹ ਸ਼ਲਾਘਾਯੋਗ ਹੈ। ਅਕਾਲੀ ਆਗੂ ਬਿੰਦਰ ਠੱਕਰਵਾਲ ਨੇ ਕਿਹਾ ਪੰਜਾਬ ਤੇ ਕੇਂਦਰ ਸਰਕਾਰਾਂ ਨੇ ਕਿਸਾਨਾਂ ਨਾਲ ਜਿਹੜਾ ਮਤਰੇਈ ਮਾਂ ਵਰਗਾ ਸਲੂਕ ਕੀਤਾ ਜਾ ਰਿਹਾ ਹੈ ਉਸ ਨਾਲ ਹਾਕਮਾਂ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋ ਚੁੱਕਿਆ ਹੈ । ਹਰਮਿੰਦਰ ਸਿੰਘ ਬਿੰਦਰ ਠੱਕਰਵਾਲ ਨੇ ਕਿਹਾ ਦੇਸ਼ ਦੀਆਂ ਸਮੂਹ ਸਿਆਸੀ,ਜਨਤਕ,ਸਮਾਜ ਸੇਵੀ ਤੇ ਧਾਰਮਿਕ ਜਥੇਬੰਦੀਆਂ ਵੱਲੋਂ ਜਿੱਥੇ ਕਿਸਾਨਾਂ ਦੇ ਹੱਕ ਵਿੱਚ ਮੈਦਾਨ ਵਿੱਚ ਨਿੱਤਰਨਾ ਚਾਹੀਦਾ ਹੈ ਉੱਥੇ ਵਿਰੋਧੀ ਧਿਰ ਵਿੱਚ ਬੈਠੇ ਕਈ ਆਗੂ ਸਮੇਂ ਦੇ ਹਾਕਮਾਂ ਨਾਲ ਸਾਂਝ ਭਿਆਲ਼ੀ ਪਾ ਕੇ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਕਰਕੇ ਆਪਣੇ ਕਾਰੋਬਾਰ ਨੂੰ ਵਧਾਉਣ ਵਿੱਚ ਲੱਗੇ ਹੋਏ ਨੇ ਜਦੋਂ ਵਿਰੋਧੀ ਧਿਰ ਦੇ ਕਿਸੇ ਆਗੂ ਦੀ ਹਾਕਮ ਧਿਰ ਵੱਲੋਂ ਸ਼ਲਾਘਾ ਹੋਵੇ ਤਾਂ ਦਾਲ ਵਿੱਚ ਕੁਝ ਕਾਲਾ ਕਾਲਾ ਹੈ। ਬਿੰਦਰ ਠੱਕਰਵਾਲ ਨੇ ਕਿਹਾ ਉਨ੍ਹਾਂ ਵੱਲੋਂ ਕਿਸਾਨਾਂ ਦੇ ਸੰਘਰਸ਼ ਦਾ ਡਟਕੇ ਸਾਥ ਦਿੱਤਾ ਜਾਵੇਗਾ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਿਸਾਨਾਂ ਪ੍ਰਤੀ ਅਪਣਾਏ ਜਾ ਰਹੇ ਹੰਕਾਰੀ ਤੇ ਬੁਖਲਾਹਟ ਭਰੇ ਵਤੀਰੇ ਦੀ ਨਿੰਦਾ ਕੀਤੀ ਉੱਥੇ ਵਿਰੋਧੀ ਧਿਰ ਵਿੱਚ ਬੈਠੇ ਆਗੂਆਂ ਨੂੰ ਕਿਸਾਨਾਂ ਦੇ ਹੱਕ ਬੋਲਣ ਤੇ ਚੁੱਪ ਤੋੜਨ ਦੀ ਵੀ ਅਪੀਲ ਕੀਤੀ।



# ਹੁਣ ਸਰਪੰਚ,ਨੰਬਰਦਾਰ ਅਤੇ ਕੌਂਸਲਰ ਵੀ ਕਰ ਸਕਣਗੇ ਈ-ਸੇਵਾ ਪੋਰਟਲ ਰਾਹੀਂ ਆਨਲਾਈਨ ਤਸਦੀਕ- ਵਿਰਾਜ ਐਸ.ਤਿੜਕੇ



ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼) ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਡਿਜੀਟਲ ਪੰਜਾਬ ਦੀ ਲਗਾਤਾਰਤਾ ਵਿੱਚ ਇੱਕ ਹੋਰ ਪੁਲਾਂਘ ਪੁਟਦਿਆਂ,ਸਮੁੱਚੀਆਂ ਨਾਗਰਿਕ ਸੇਵਾਵਾਂ ਲਈ ਸਰਪੰਚਾਂ,ਨੰਬਰਦਾਰਾਂ ਅਤੇ ਕੌਂਸਲਰਾਂ ਨੂੰ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ ਵਿਭਾਗ ਵੱਲੋਂ ਈ-ਗਵਰਨੈਂਸ ਪ੍ਰਣਾਲੀ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਗਏ ਹਨ ਤਾਂ ਜੋ ਉਹ ਇਸ ਪ੍ਰਣਾਲੀ ਨਾਲ ਜੁੜ ਕੇ ਆਮ ਲੋਕਾਂ ਦੇ ਦਸਤਾਵੇਜ ਆਨਲਾਈਨ ਤਸਦੀਕ ਕਰ ਸਕਣ । ਹੁਣ ਕੋਈ ਵੀ ਸਬੰਧਿਤ ਸਰਪੰਚ,ਨੰਬਰਦਾਰ ਅਤੇ ਕੌਂਸਲਰ ਆਪਣੇ ਹਲਕੇ,ਪਿੰਡ ਜਾਂ ਵਾਰਡ ਵਿੱਚ ਰਹਿ ਰਹੇ ਵਿਅਕਤੀ ਦੇ ਤਸਤਾਵੇਜ ਈ-ਸੇਵਾ ਆਈ.ਡੀ ਜਾਂ ਵਟਸਐਪ ਰਾਹੀਂ ਆਨਲਾਈਨ ਹੀ ਤਸਦੀਕ ਕਰ ਸਕਦੇ ਹਨ।

ਉਨ੍ਹਾਂ ਹੋਰ ਦੱਸਿਆ ਕਿ ਪੰਜਾਬ ਸਰਕਾਰ ਦੀ ਇਸ ਨਵੇਕਲੀ ਪਹਿਲਕਦਮੀ ਤਹਿਤ ਅਵਾਮ ਨੂੰ ਸਰਕਾਰੀ ਸੇਵਾਵਾਂ ਦੀ ਡਿਜੀਟਾਈਜ਼ੇਸ਼ਨ ਅਤੇ ਨਾਗਰਿਕਾਂ ਦੇ ਅਨੁਭਵਾਂ ਨੂੰ ਹੋਰ ਬਿਹਤਰ ਬਣਾਇਆ ਗਿਆ ਹੈ ਜਿਸ ਤਹਿਤ ਸਾਰਿਆਂ ਨੂੰ ਆਨ ਬੋਰਡ ਕਰਕੇ ਆਈ.ਡੀਜ਼ ਜਾਰੀ ਕੀਤੀਆਂ ਗਈਆਂ ਹਨ ਤਾਂ ਜੋ ਉਹ ਆਮ ਲੋਕਾਂ ਦੇ ਦਸਤਾਵੇਜ ਆਨ ਲਾਈਨ ਤਸਦੀਕ ਕਰ ਸਕਣ । ਇਸ ਪ੍ਰਣਾਲੀ ਤਹਿਤ ਆਮ ਲੋਕਾਂ ਦਾ ਜਿਥੇ ਸਮਾਂ ਬਚੇਗਾ ,ਉੱਥੇ ਉਹ ਘਰ ਬੈਠੇ ਹੀ ਆਪਣੇ ਜ਼ਰੂਰਤ ਦੇ ਦਸਤਾਵੇਜ ਭੌਤਿਕ ਤਸਦੀਕ ਕਰਵਾ ਸਕਣਗੇ ।

ਉਨ੍ਹਾਂ ਦੱਸਿਆਂ ਕਿ ਇਸ ਸਬੰਧੀ ਸੂਚਨਾਂ ਤਕਨੀਕ ਸ਼ਾਖਾ ਦਫਤਰ ਡਿਪਟੀ ਕਮਿਸ਼ਨਰ, ਮਾਲੇਰਕੋਟਲਾ ਵੱਲੋਂ ਜ਼ਿਲ੍ਹੇ ਦੇ ਸਮੂਹ ਸਰਪੰਚਾਂ,ਨੰਬਰਦਾਰਾਂ ਅਤੇ ਕੌਂਸਲਰਾਂ ਨੂੰ ਲੋੜੀਂਦੀ ਟਰੇਨਿੰਗ ਅਤੇ ਈ-ਸੇਵਾ ਆਈ ਡੀਜ ਵੀ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ। ਇਸ ਸਬੰਧੀ ਹੋਰ ਕਿਸੇ ਵੀ ਤਰਾਂ ਦੀ ਤਕਨੀਕੀ ਜਾਣਕਾਰੀ ਜਾਂ ਹੋਰ ਟਰੇਨਿੰਗ ਆਦਿ ਲਈ ਜਿਲ੍ਹੇ ਦੇ ਸੂਚਨਾਂ ਤਕਨੀਕ ਸ਼ਾਖਾ ਨਾਲ ਕਿਸੇ ਵੀ ਦਫਤਰੀ ਕੰਮ-ਕਾਜ ਵਾਲੇ ਦਿਨ ਤਾਲਮੇਲ ਕੀਤਾ ਜਾ ਸਕਦਾ ਹੈ ਜੀ।

# ਡਾ.ਅਕਸ਼ਿਤਾ ਗੁਪਤਾ ਨੇ ਸੀਵਰੇਜ਼ ਟਰੀਟਮੈਂਟ ਪਲਾਂਟ ਦਾ ਕੀਤਾ ਦੌਰਾ

ਫਗਵਾੜਾ (ਸੁਸ਼ੀਲ ਸ਼ਰਮਾ) ਡਾ.ਅਕਸ਼ਿਤਾ ਗੁਪਤਾ ਆਈ.ਏ.ਐਸ.ਕਮਿਸ਼ਨਰ ਨਗਰ ਨਿਗਮ ਫਗਵਾੜਾ ਵਲੋਂ ਆਪਣਾ ਅਹੁਦਾ ਸੰਭਾਲਣ ਉਪਰੰਤ ਸ਼ਹਿਰ ਦੇ ਵੱਖ-ਵੱਖ ਖੇਤਰਾਂ ਦਾ ਜਾਇਜ਼ਾ ਲਿਆ ਗਿਆ,ਜਿਸ ਦੌਰਾਨ ਉਨ੍ਹਾਂ ਹਦੀਆਬਾਦ ਅਤੇ ਪਲਾਹੀ ਰੋਡ ਤੇ ਬਣੇ ਐੱਸ.ਟੀ.ਪੀ. (ਸੀਵਰੇਜ਼ ਟਰੀਟਮੈਂਟ ਪਲਾਂਟ) ਦਾ ਦੌਰਾ ਕੀਤਾ ।

ਉਨ੍ਹਾਂ ਸੀਵਰੇਜ ਬੋਰਡ ਦੇ ਅਧਿਕਾਰੀਆਂ ਵਲੋਂ ਸੀਵਰੇਜ ਟਰੀਟਮੈਂਟ ਪਲਾਂਟ ਦੀ ਵਧੀਆ ਸਾਂਭ ਸੰਭਾਲ ਲਈ ਤਸੱਲੀ ਪ੍ਰਗਟ ਕਰਦਿਆਂ ਅੱਗੇ ਤੋਂ ਵੀ ਹੋਰ ਬੇਹਤਰੀ ਨਾਲ ਕੰਮ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ।

ਇਸ ਤੋਂ ਇਲਾਵਾ ਡਾ.ਅਕਸ਼ਿਤਾ ਗੁਪਤਾ ਵੱਲੋਂ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਦੇ ਅਧਿਕਾਰੀਆਂ ਨੂੰ ਕਿਹਾ ਕਿ ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਪਾਣੀ ਅਤੇ ਸੀਵਰੇਜ ਦੇ ਬਿੱਲ ਜਮ੍ਹਾਂ ਕਰਵਾਉਣ ਲਈ ਦਫਤਰ ਵਿਖੇ ਆਉਣ ਵਾਲੇ ਨਾਗਰਿਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਬਿੱਲਾਂ ਦੀ ਕੁਲੈਕਸ਼ਨ ਨੂੰ ਆਨਲਾਈਨ ਮਾਧਿਅਮ ਰਾਹੀਂ ਵੀ ਚਾਲੂ ਕਰਨ ਦੇ ਨਿਰਦੇਸ਼ ਦਿੱਤੇ ਗਏ।

ਉਨ੍ਹਾਂ ਸ਼ਹਿਰਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਸ਼ਹਿਰ ਦੀ ਸਾਫ-ਸਫਾਈ ਲਈ ਹਰ ਸੰਭਵ ਯਤਨ ਨਗਰ ਨਿਗਮ ਵੱਲੋਂ ਕੀਤੇ ਜਾਣਗੇ ਅਤੇ ਇਸ ਕੰਮ ਲਈ ਸ਼ਹਿਰਵਾਸੀਆਂ ਨੂੰ ਪ੍ਰਸ਼ਾਸਨ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ।

ਇਸ ਮੌਕੇ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ ਦੇ ਅਧਿਕਾਰੀ ਪ੍ਰਦੀਪ ਚੌਟਾਨੀ,ਅਮਿਤ ਕੁਮਾਰ ਅਤੇ ਨਗਰ ਨਿਗਮ ਦੇ ਅਧਿਕਾਰੀ ਅਜੈ ਕੁਮਾਰ ਅਤੇ ਰਵਿੰਦਰ ਸਿੰਘ ਕਲਸੀ ਹਾਜ਼ਰ ਸਨ।



# ਅਥਰਵ ਅਵਾਰਡ ਆਫ਼ ਐਕਸੀਲੈਂਸ 1 ਜੂਨ ਨੂੰ



ਪਟਿਆਲਾ: (ਲੋਕ ਬਾਣੀ) ਅਥਰਵ ਐਵਾਰਡਜ਼ ਆਫ ਐਕਸੀਲੈਂਸ 1 ਜੂਨ ਨੂੰ ਆਯੋਜਿਤ ਕੀਤਾ ਜਾਵੇਗਾ। ਇਹ ਵੱਕਾਰੀ ਪੁਰਸਕਾਰ ਪ੍ਰੋਗਰਾਮ ਭਾਰਤ ਭਰ ਦੇ ਉੱਤਮ ਅੰਡਰਗ੍ਰੈਜੁਏਟ, ਪੋਸਟ ਗ੍ਰੈਜੁਏਟ ਅਤੇ ਪੀਐਚਡੀ ਖੋਜਕਰਤਾਵਾਂ ਨੂੰ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਤੇ ਮਾਨਤਾ ਦੇਵੇਗਾ।

ਅਥਰਵ ਗਰੁੱਪ ਆਫ਼ ਇਸਟੀਚਿਊਟਸ ਦੇ ਕਾਰਜਕਾਰੀ ਚੇਅਰਮੈਨ ਸੁਨੀਲ ਨੇ ਕਿਹਾ ਕਿ ਖੋਜ, ਤਕਨਾਲੋਜੀ ਅਤੇ ਨਵੀਨਤਾ ਦੇ ਖੇਤਰ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਨੂੰ ਸਨਮਾਨਿਤ ਕਰਕੇ ਅਸੀਂ ਭਾਰਤ ਦੇ ਨੌਜਵਾਨ ਖੋਜਕਰਤਾਵਾਂ ਦੀ ਬੁੱਧੀ, ਸਮਰੱਥਾ, ਕੁਸ਼ਲਤਾ, ਪ੍ਰਤਿਭਾ ਅਤੇ ਬੌਧਿਕ ਸ਼ਕਤੀ ਨੂੰ ਉਜਾਗਰ ਕਰਨਾ ਚਾਹੁੰਦੇ ਹਾਂ। ਨਵੀਨਤਾ ਨੂੰ ਪ੍ਰੇਰਿਤ ਕਰਨ ਅਤੇ ਉੱਤਮਤਾ ਦਾ ਸਨਮਾਨ ਕਰਨ ਦੇ ਮਿਸ਼ਨ ਦੇ ਨਾਲ, ਇਹ ਪੁਰਸਕਾਰ ਰੋਬੋਟਿਕਸ, ਪੁਲਾੜ ਖੋਜ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਰਗੇ ਅਤਿ-ਆਧੁਨਿਕ ਖੇਤਰਾਂ ਵਿੱਚ ਬੇਮਿਸਾਲ ਯੋਗਦਾਨਾਂ ਦਾ ਸਨਮਾਨ ਕਰੇਗਾ।

ਹਰੇਕ ਵਰਗ ਵਿੱਚ ਇੱਕ ਪੁਰਸ਼ ਅਤੇ ਇੱਕ ਮਹਿਲਾ ਜੇਤੂ ਚੁਣਿਆ ਜਾਵੇਗਾ, ਜਿਸਨੂੰ ਇੱਕ ਟਰਾਫੀ ਅਤੇ 50,000 ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਪਹਿਲਕਦਮੀ ਦਾ ਉਦੇਸ਼ ਇੰਜੀਨੀਅਰਿੰਗ ਖੇਤਰ ਵਿੱਚ ਸਭ ਤੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ, ਉਤਸ਼ਾਹਿਤ ਕਰਨਾ ਅਤੇ ਇਨਾਮ ਦੇਣਾ ਹੈ।

ਇਹ ਸਮਾਗਮ ਪ੍ਰਮੁੱਖ ਅਕਾਦਮਿਕ, ਖੋਜਕਰਤਾਵਾਂ, ਉਦਯੋਗ ਮਾਹਿਰਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਇਕੱਠੇ ਲਿਆਏਗਾ, ਜਿਸ ਨਾਲ ਇਹ ਭਾਰਤ ਦੀ ਸਿੱਖਿਆ ਅਤੇ ਖੋਜ ਦੇ ਲੈਂਡਸਕੇਪ ਵਿੱਚ ਇੱਕ ਇਤਿਹਾਸਕ ਪਲ ਹੋਵੇਗਾ।

ਇਹ ਪੁਰਸਕਾਰ ਨਵੀਨਤਾ ਨੂੰ ਮਾਨਤਾ ਦੇਣ ਦੇ ਨਾਲ-ਨਾਲ ਭਵਿੱਖ ਦੀ ਤਰੱਕੀ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨਗੇ, ਤਾਂ ਜੋ ਭਾਰਤ ਦੀ ਨੌਜਵਾਨ ਪ੍ਰਤਿਭਾ ਨੂੰ ਸਮਰਥਨ ਅਤੇ ਮਾਨਤਾ ਮਿਲ ਸਕੇ ਜਿਸ ਦੇ ਉਹ ਹੱਕਦਾਰ ਹਨ। ਅਵਾਰਡਾਂ ਦਾ ਸ਼ਾਨਦਾਰ ਸਮਾਗਮ ਭਾਰਤ ਭਰ ਦੇ ਖੋਜਕਰਤਾਵਾਂ ਅਤੇ ਖੋਜਕਾਰਾਂ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਿੱਖਿਆ ਸ਼ਾਸਤਰੀਆਂ ਦੇ ਨਾਲ ਸਿੱਖਿਆ ਖੇਤਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰੇਗਾ।

# ਸੈਮਕੋ ਨੇ ਲਾਰਜ ਕੈਪ ਫੰਡ ਲਈ ਐਨਐਫਓ ਕੀਤਾ ਲਾਂਚ

ਲੁਧਿਆਣਾ (ਲੋਕ ਬਾਣੀ)- ਸੈਮਕੋ ਐਸੇਟ ਮੈਨੇਜਮੈਂਟ ਪ੍ਰਾਈਵੇਟ ਲਿਮਿਟੇਡ ਨੇ ਸੈਮਕੋ ਲਾਰਜ ਕੈਪ ਫੰਡ ਲਈ ਨਿਊ ਫੰਡ ਆਫਰ (ਐਨਐਫਓ) ਲਾਂਚ ਕੀਤਾ ਹੈ, ਜੋ ਕਿ ਇੱਕ ਓਪਨ-ਐਂਡਿਡ ਇਕਵਿਟੀ ਸਕੀਮ ਹੈ ਜੋ ਲਾਰਜ ਕੈਪ ਸ਼ੇਅਰਾਂ ਵਿੱਚ ਨਿਵੇਸ਼ ਕਰਨ ਤੇ ਕੇਂਦਰਤ ਹੈ। ਐਨਐਫਓ 5 ਮਾਰਚ 2025 ਤੋਂ 19 ਮਾਰਚ 2025 ਤੱਕ ਖੁੱਲ੍ਹਾ ਰਹੇਗਾ। ਫੰਡ ਦਾ ਲਕਸ਼ ਸੈਮਕੋ ਦੇ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਂਦੇ ਹੋਏ 100 ਸਭ ਤੋਂ ਵੱਡੀਆਂ ਲਾਰਜ-ਕੈਪ ਕੰਪਨੀਆਂ ਦਾ ਵਿਵਿਧ ਪੋਰਟਫੋਲਿਓ ਤਿਆਰ ਕਰਨਾ ਅਤੇ ਲੰਬੇ ਸਮੇਂ ਵਿੱਚ ਨਿਵੇਸ਼ ਤੇ ਵਧੀਆ ਵਾਪਸੀ ਪ੍ਰਦਾਨ ਕਰਨੀ ਹੈ। ਉੱਚ-ਗੁਣਵੱਤਾ ਅਤੇ ਵਿਕਾਸ-ਕੇਂਦਰਤ ਮੌਕੇ ਖੋਜਣ ਲਈ ਮੋਮੈਂਟਮ ਸਟ੍ਰੈਟਜੀ ਦੀ ਵਰਤੋਂ ਕੀਤੀ ਜਾਵੇਗੀ।

ਲਾਰਜ-ਕੈਪ ਸੈਗਮੈਂਟ ਇੱਕ ਪਸੰਦੀਦਾ ਨਿਵੇਸ਼ ਵਿਕਲਪ ਬਣਿਆ ਹੋਇਆ ਹੈ, ਜੋ ਕਿ ਬਾਜ਼ਾਰ ਵਿੱਚ ਉਤਾਰ-ਚੜ੍ਹਾਅ ਦੇ ਦੌਰਾਨ ਸਥਿਰਤਾ ਅਤੇ ਨਿਰੰਤਰ ਵਾਪਸੀ ਦਿੰਦਾ ਹੈ। ਭਾਰਤ ਦੀ ਅਰਥਵਿਵਸਥਾ ਵਿਕਾਸ ਦੇ ਮਾਰਗ ਤੇ ਹੈ, ਅਤੇ ਲਾਰਜ-ਕੈਪ ਫੰਡਾਂ ਨੇ ਮਜ਼ਬੂਤੀ ਦਿਖਾਈ ਹੈ, ਜੋ ਕਿ ਵਰਾਬੰਦ ਆਧਾਰਭੂਤ ਨੀਤੀਆਂ ਵਾਲੀਆਂ ਸਥਾਪਿਤ ਕੰਪਨੀਆਂ ਦੁਆਰਾ ਸਮਰਥਿਤ ਹਨ। ਨਿਵੇਸ਼ਕ ਆਪਣੇ ਜੋਖਮ ਅਤੇ ਇਨਾਮ ਨੂੰ ਸੰਤੁਲਿਤ ਕਰਨਾ ਚਾਹੁੰਦੇ ਹਨ। ਇੱਕ ਵਧੀਆ ਢੰਗ ਨਾਲ ਬਣਾਇਆ ਗਿਆ ਲਾਰਜ-ਕੈਪ ਪੋਰਟਫੋਲਿਓ ਲੰਬੇ ਸਮੇਂ ਲਈ ਧਨ-ਸੰਚਯ ਦਾ ਇੱਕ ਮਹੱਤਵਪੂਰਨ ਹਿੱਸਾ ਬਣਿਆ ਰਹਿੰਦਾ ਹੈ।

ਸੈਮਕੋ ਲਾਰਜ ਕੈਪ ਫੰਡ ਨੂੰ ਪ੍ਰੋਪਰਾਇਟਰੀ ਸੀ.ਏ.ਆਰ.ਈ. ਦਾ ਲਾਭ ਉਠਾਉਣ ਲਈ ਡਿਜ਼ਾਈਨ ਕੀਤਾ ਗਿਆ ਹੈ, ਜੋ ਕਿ ਬਜ਼ਾਰ ਦੇ ਪ੍ਰਦਰਸ਼ਨ ਸੰਕੇਤਕਾਂ ਦੇ ਆਧਾਰ ਤੇ ਗਤੀਸ਼ੀਲ ਤਰੀਕੇ ਨਾਲ ਸ਼ੇਅਰ ਚੁਣਦਾ ਹੈ। ਇਹ ਫੰਡ ਲਾਰਜ-ਕੈਪ ਇਕਵਿਟੀ ਵਿੱਚ ਘੱਟੋ-ਘੱਟ 80 ਫੀਸਦੀ ਐਕਸਪੋਜ਼ਰ ਨਾਲ ਸਭ ਤੋਂ ਵੱਧ ਐਸੇਟ ਐਲੋਕੇਸ਼ਨ ਯਕੀਨੀ ਬਣਾਉਂਦਾ ਹੈ, ਜਿਸ ਨਾਲ ਨਿਵੇਸ਼ਕਾਂ ਨੂੰ ਵਧੀਆ ਠੋਸ ਅਤੇ ਮੂਲ ਤੌਰ ਤੇ ਮਜ਼ਬੂਤ ਵਿਅਪਾਰਾਂ ਤੱਕ ਪਹੁੰਚ ਮਿਲਦੀ ਹੈ। ਮਾਰਕੀਟ ਦੀ ਅਸਥਿਰਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਿਤ ਕਰਨ ਲਈ, ਇਹ ਫੰਡ ਨਿਵੇਸ਼ਕ ਪੂੰਜੀ ਦੀ ਸੁਰੱਖਿਆ ਲਈ ਸਾਮਰਥਕ ਹੇਜਿੰਗ ਅਤੇ ਡੈਰੀਵੇਟਿਵ ਰਣਨੀਤੀਆਂ ਨੂੰ ਸ਼ਾਮਲ ਕਰਦਾ ਹੈ।

ਲਾਂਚ ਮੌਕੇ, ਸੈਮਕੋ ਐਸੇਟ ਮੈਨੇਜਮੈਂਟ ਪ੍ਰਾਈਵੇਟ ਲਿਮਿਟਡ ਦੇ ਸੀ.ਈ.ਓ. ਵਿਰਾਜ ਗਾਂਧੀ ਨੇ ਕਿਹਾ ਕਿ ਮੌਜੂਦਾ ਬਜ਼ਾਰ ਹਾਲਾਤਾਂ ਵਿੱਚ ਭਾਰਤ ਵਿੱਚ ਲਾਰਜ-ਕੈਪ ਸ਼ੇਅਰਾਂ ਦੀ ਕੀਮਤ ਮਿਡ ਅਤੇ ਸਮਾਲ ਕੈਪ ਦੀ ਤੁਲਨਾ ਵਿੱਚ ਆਕਰਸ਼ਕ ਹੋ ਗਈ ਹੈ, ਜੋ ਕਿ ਇੱਕ ਵਧੀਆ ਨਿਵੇਸ਼ ਮੌਕਾ ਪੇਸ਼ ਕਰਦਾ ਹੈ। ਮਿਡ ਅਤੇ ਸਮਾਲ ਕੈਪ ਵੱਲੋਂ ਮਹੱਤਵਪੂਰਨ ਵਧੀਆ ਪ੍ਰਦਰਸ਼ਨ ਦੀ ਗੱਲਬਾਤ ਕਰਦੇ ਹੋਏ, ਉਨ੍ਹਾਂ ਨੇ ਕਿਹਾ ਕਿ ਉਸ ਸੈਗਮੈਂਟ ਵਿੱਚ ਮੁੱਲ-ਅਨੁਪਾਤ (ਵੈਲੂਏਸ਼ਨ) ਵਧ ਗਿਆ ਹੈ, ਜਦਕਿ ਲਾਰਜ-ਕੈਪ ਵਧੀਆ ਜੋਖਮ-ਅਨੁਪਾਤ ਰਿਟਰਨ ਅਤੇ ਸਥਿਰਤਾ ਪ੍ਰਦਾਨ ਕਰਦੇ ਹਨ। ਮਜ਼ਬੂਤ ਬੁਨਿਆਦੀ ਨਿਯਮਾਂ ਅਤੇ ਵਧੀਆ ਆਮਦਨ ਦ੍ਰਿਸ਼ਟੀਕੋਣ ਦੇ ਨਾਲ, ਲਾਰਜ-ਕੈਪ—ਜੋ ਕਿ ਮਾਰਕੀਟ ਕੈਪ ਦੇ ਅਨੁਸਾਰ ਸ਼ੀਰਸ਼ 100 ਕੰਪਨੀਆਂ ਹੁੰਦੀਆਂ ਹਨ—ਅਗਲੇ ਬਜ਼ਾਰ ਵਿਕਾਸ ਪੜਾਅ ਦੀ ਅਗਵਾਈ ਕਰਨ ਲਈ ਤਿਆਰ ਹਨ।

# ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਸਤਹ ਪਾਣੀ ਦੀ ਲੋੜ ਤੇ ਜੀ.ਐਨ.ਡੀ.ਯੂ ਵਿਖੇ ਕੀਤਾ ਸੈਮੀਨਾਰ ਦਾ ਆਯੋਜਨ



ਅੰਮ੍ਰਿਤਸਰ,(ਲੋਕ ਬਾਣੀ) ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਤਹਿਤ, ਕਾਰਪੋਰੇਸ਼ਨ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਨਿਰਦੇਸ਼ਾਂ ਅਨੁਸਾਰ ਅਤੇ ਜੀ.ਐਨ.ਡੀ.ਯੂ ਦੇ ਵਾਈਸ ਚਾਂਸਲਰ ਪ੍ਰੋ.ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਪਾਣੀ ਦੀ ਸੰਭਾਲ ਅਤੇ ਅੰਮ੍ਰਿਤਸਰ ਵਿੱਚ ਪਾਣੀ ਦੀ ਸਪਲਾਈ ਲਈ ਧਰਤੀ ਹੇਠਲੇ ਪਾਣੀ ਦੀ ਬਜਾਏ ਸਤਹੀ ਪਾਣੀ ਦੀ ਵਰਤੋਂ ਕਰਨ ਦੀ ਜ਼ਰੂਰਤ ਬਾਰੇ ਇੱਕ ਜਾਗਰੂਕਤਾ ਸੈਮੀਨਾਰ ਨਗਰ ਨਿਗਮ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਮਾਜ ਸ਼ਾਸਤਰ ਵਿਭਾਗ ਅਤੇ ਸਕੂਲ ਆਫ਼ ਸੋਸ਼ਲ ਸਾਇੰਸਿਜ਼ ਵੱਲੋਂ ਜੀਐਨਡੀਯੂ ਵਿੱਖੇ ਆਯੋਜਿਤ ਕੀਤਾ ਗਿਆ। ਲਾਰਸਨ ਐਂਡ ਟੂਬਰੋ ਕੰਪਨੀ ਦੇ ਸਹਿਯੋਗ ਨਾਲ ਆਯੋਜਿਤ ਇਸ ਸੈਮੀਨਾਰ ਦਾ ਉਦੇਸ਼ ਵਿਦਿਆਰਥੀਆਂ ਨੂੰ ਅੰਮ੍ਰਿਤਸਰ ਬਲਕ ਜਲ ਸਪਲਾਈ ਯੋਜਨਾ ਦੇ ਨਾਲ-ਨਾਲ ਪਾਣੀ ਦੀ ਸੰਭਾਲ ਬਾਰੇ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦਾ ਉਦਘਾਟਨ ਸਕੂਲ ਆਫ਼ ਸੋਸ਼ਲ ਸਾਇੰਸਿਜ਼ ਵਿਭਾਗ ਦੇ ਮੁਖੀ, ਪ੍ਰੋ. ਅੰਜਲੀ ਮਹਿਰਾ ਨੇ ਮਹਿਮਾਨ ਟੀਮ ਅਤੇ ਬੁਲਾਰਿਆਂ ਦਾ ਸਵਾਗਤ ਕੀਤਾ।

ਇਸ ਮੌਕੇ ਰਮਨ ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਤੇਜ਼ੀ ਨਾਲ ਡਿੱਗ ਰਿਹਾ ਹੈ। ਪੰਜਾਬ ਦੇ ਜਲ ਸਰੋਤ 2022 ਦੀ ਰਿਪੋਰਟ ਅਨੁਸਾਰ, ਸੂਬੇ ਦੇ 153 ਬਲਾਕਾਂ ਵਿੱਚੋਂ 117 ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਅੰਮ੍ਰਿਤਸਰ ਜ਼ਿਲ੍ਹੇ ਦੇ ਸਾਰੇ ਦਸ ਬਲਾਕਾਂ ਨੂੰ ਡਾਰਕ ਜ਼ੋਨ ਘੋਸ਼ਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਕੱਲੇ ਅੰਮ੍ਰਿਤਸਰ ਦੇ ਸ਼ਹਿਰੀ ਖੇਤਰ ਵਿੱਚ ਹੀ ਧਰਤੀ ਹੇਠਲੇ ਪਾਣੀ ਦੀ ਨਿਕਾਸੀ ਤਿੰਨ ਸੌ ਪ੍ਰਤੀਸ਼ਤ ਤੋਂ ਵੱਧ ਹੋ ਗਈ ਹੈ। ਜਿਸ ਕਾਰਨ ਸ਼ਹਿਰ ਲੰਬੇ ਸਮੇਂ ਤੱਕ ਪਾਣੀ ਦੀ ਸਪਲਾਈ ਲਈ ਭੂਮੀਗਤ ਪਾਣੀ ਤੇ ਨਿਰਭਰ ਨਹੀਂ ਰਹਿ ਸਕਦਾ। ਇਨ੍ਹਾਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਪੰਜਾਬ ਸਰਕਾਰ ਨੇ ਸ਼ਹਿਰ ਵਿੱਚ ਟਿਕਾਊ ਅਤੇ ਸੁਰੱਖਿਅਤ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਸ਼ੁਰੂ ਕੀਤਾ ਹੈ। ਜਿਸ ਤਹਿਤ ਆਉਣ ਵਾਲੇ ਸਮੇਂ ਵਿੱਚ ਯੂ.ਬੀ.ਡੀ.ਸੀ ਨਹਿਰ ਦੇ ਪਾਣੀ ਨੂੰ ਸਾਫ਼ ਕਰਕੇ ਸਪਲਾਈ ਕੀਤਾ ਜਾਵੇਗਾ। ਇਸ ਤਹਿਤ, ਵੱਲਾ ਵਿੱਚ 44 ਕਰੋੜ ਲੀਟਰ ਦੀ ਸਮਰੱਥਾ ਵਾਲਾ ਵਾਟਰ ਟ੍ਰੀਟਮੈਂਟ ਪਲਾਂਟ, 112 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਉਣ ਦੇ ਨਾਲ-ਨਾਲ 51 ਨਵੇਂ ਟੈਂਕ ਬਣਾਏ ਜਾ ਰਹੇ ਹਨ। ਡਾ. ਮੋਨਿਕਾ ਸੱਭਰਵਾਲ ਨੇ ਧਰਤੀ ਹੇਠਲੇ ਪਾਣੀ ਨਾਲੋਂ ਸਤਹੀ ਪਾਣੀ ਦੇ ਸਿਹਤ ਲਾਭਾਂ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਅਧੀਨ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੀ ਗੁਣਵੱਤਾ ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਆਈ ਐਸ 10500-2012 ਦੇ ਪੱਧਰ ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਜੇਕਰ ਅਸੀਂ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਕੁਝ ਬਦਲਾਅ ਕਰੀਏ ਤਾਂ ਅਸੀਂ ਆਸਾਨੀ ਨਾਲ ਪਾਣੀ ਦੀ ਬਚਤ ਕਰ ਸਕਦੇ ਹਾਂ, ਜਿਵੇਂ ਕਿ ਵਾਸ਼ਿੰਗ ਮਸ਼ੀਨ ਨੂੰ ਪੂਰੀ ਸਮਰੱਥਾ ਨਾਲ ਵਰਤਣਾ, ਨਹਾਉਣ ਲਈ ਸ਼ਾਵਰ ਦੀ ਬਜਾਏ ਬਾਲਟੀ ਦੀ ਵਰਤੋਂ ਕਰਨਾ, ਛੱਤ ਤੇ ਪਾਣੀ ਦੀਆਂ ਟੈਂਕੀਆਂ ਵਿੱਚ ਓਵਰਫਲੋ ਅਲਾਰਮ ਲਗਾਉਣਾ, ਘਰ ਵਿੱਚ ਲੀਕ ਹੋਣ ਵਾਲੀਆਂ ਟੂਟੀਆਂ ਦੀ ਸਮੇਂ ਸਿਰ ਮੁਰੰਮਤ ਕਰਵਾਉਣਾ, ਕਾਰ ਧੋਣ ਲਈ ਸਿੱਧੇ ਪਾਣੀ ਦੀ ਬਜਾਏ ਗਿੱਲੇ ਕੱਪੜੇ ਦੀ ਵਰਤੋਂ ਕਰਨਾ ਆਦਿ। ਅੰਤ ਵਿੱਚ, ਡਾ. ਰਚਨਾ ਸ਼ਰਮਾ ਅਤੇ ਡਾ. ਗੁਰਸ਼ਮਿੰਦਰ ਸਿੰਘ ਬਾਜਵਾ ਨੇ ਸੱਦੇ ਗਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰੋ. ਬਿਕਰਮ ਸਿੰਘ ਬਾਜਵਾ, ਪ੍ਰੋ. ਰਜਿੰਦਰ ਕੌਰ, ਪ੍ਰੋ. ਦਲਬੀਰ ਸਿੰਘ ਸੋਗੀ, ਡਾ. ਮਨਜੋਤ ਕੌਰ, ਡਾ. ਨਿਰਮਲਾ, ਡਾ. ਯੋਗੇਸ਼, ਡਾ. ਦਿਵਜੋਤ ਕੌਰ, ਡਾ. ਨੈਨਸੀ, ਅਸ਼ਵਨੀ ਸ਼ਰਮਾ, ਬੰਨਾਪ੍ਰਿਆ ਆਦਿ ਵੀ ਮੌਜੂਦ ਸਨ।

# ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਮੰਡੀ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਸਕੱਤਰ ਮਾਰਕਿਟ ਕਮੇਟੀ ਨੂੰ ਦਿੱਤਾ ਮੰਗ ਪੱਤਰ



ਅਬੋਹਰ,(ਲੋਕ ਬਾਣੀ) : ਸ਼ੇਰ-ਏ-ਪੰਜਾਬ ਕਿਸਾਨ ਯੂਨੀਅਨ ਨੇ ਆਉਣ ਵਾਲੇ ਹਾੜੀ ਦੇ ਸੀਜ਼ਨ ਦੌਰਾਨ ਅਨਾਜ ਮੰਡੀ ਦੀਆਂ ਸਮੱਸਿਆਵਾਂ ਸਬੰਧੀ ਮਾਰਕੀਟ ਕਮੇਟੀ ਅਬੋਹਰ ਦੇ ਸਕੱਤਰ ਬਲਜਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਇੱਕ ਮੰਗ ਪੱਤਰ ਦਿੱਤਾ।

ਕਿਸਾਨ ਯੂਨੀਅਨ ਨੇ ਆਪਣੀ ਮੰਗ ਵਿੱਚ ਮੰਡੀ ਵਿੱਚ ਜਿੰਨੇ ਵੀ ਨਾਜਾਇਜ ਗੇਟ ਹਨ ਉਨ੍ਹਾਂ ਨੂੰ ਤੁਰੰਤ ਬੰਦ ਕਰਵਾਉਣ, ਗੁਜਰਾਂ ਦੀਆਂ ਗਾਵਾਂ ਜੋ ਅਕਸਰ ਮੰਡੀ ਰਾਹੀਂ ਲੰਘਦੀਆਂ ਹਨ ਉਨ੍ਹਾਂ ਨੂੰ ਰੋਕਣ ਅਤੇ ਮੰਡੀ ਦੇ ਗੇਟਾਂ ਤੇ ਚੌਕੀਦਾਰ ਮੁਹੱਈਆ ਕਰਵਾਉਣ ਦੀ ਮੰਗ ਰੱਖੀ। ਉਨ੍ਹਾਂ ਕਿਹਾ ਕਿ ਚੌਕੀਦਾਰਾਂ ਦੀ ਮੌਜੂਦਗੀ ਨਾਲ ਮੰਡੀ ਵਿੱਚ ਹੋਣ ਵਾਲੀਆਂ ਚੋਰੀਆਂ ਨੂੰ ਰੋਕਿਆ ਜਾ ਸਕੇਗਾ। ਇਸ ਤੋਂ ਇਲਾਵਾ ਮੰਡੀ ਵਿੱਚ ਬਿਜਲੀ, ਪਾਣੀ, ਲਾਈਟਾਂ, ਤਰਪੈਲਾ, ਅਤੇ ਬਾਥਰੂਮਾਂ ਦੀ ਸਫਾਈ ਸੰਬੰਧੀ ਸੁਲਤਾਂ ਵਧਾਉਣ ਦੀ ਜ਼ਰੂਰਤ ਤੇ ਵੀ ਜੋਰ ਦਿੱਤਾ। ਕਿਸਾਨ ਆਗੂਆਂ ਨੇ ਕਿਹਾ ਕਿ ਮੰਡੀ ਦੇ ਸ਼ੈਡਾਂ ਹੇਠਾਂ ਬੇਵਜ੍ਹਾ ਖੜ੍ਹੇ ਰਹਿਣ ਵਾਲੇ ਟਰੱਕ, ਕਿਸਾਨਾਂ ਦੀ ਫਸਲ ਵੇਚਣ ਦੀ ਪ੍ਰਕਿਰਿਆ ਨੂੰ ਪਰੇਸ਼ਾਨ ਕਰਦੇ ਹਨ, ਜੋ ਬਹੁਤ ਵੱਡੀ ਮੁਸ਼ਕਲ ਬਣ ਚੁੱਕੀ ਹੈ। ਇਸ ਮੌਕੇ ਕਿਸਾਨ ਆਗੂਆਂ ਨੇ ਲੱਕੜ ਮੰਡੀ ਨੂੰ ਮੁੱਖ ਅਨਾਜ ਮੰਡੀ ਤੋਂ ਵੱਖਰੀ ਥਾਂ ਤੇ ਤਬਦੀਲ ਕਰਨ ਦੀ ਮੰਗ ਵੀ ਰੱਖੀ। ਉਨ੍ਹਾਂ ਕਿਹਾ ਕਿ ਲੱਕੜ ਮੰਡੀ ਦੇ ਹੋਣ ਕਾਰਨ ਸੀਜ਼ਨ ਦੌਰਾਨ ਮੁੱਖ ਮੰਡੀ ਵਿੱਚ ਭਾਰੀ ਭੀੜ ਹੋ ਜਾਂਦੀ ਹੈ, ਜੋ ਫਸਲ ਦੀ ਆਸਾਨ ਅਤੇ ਸਮੇਂ-ਸਿਰ ਵਿਕਰੀ ਚ ਰੁਕਾਵਟ ਪੈਦਾ ਕਰਦੀ ਹੈ।

ਸਕੱਤਰ ਮਾਰਕਿਟ ਕਮੇਟੀ ਬਲਜਿੰਦਰ ਸਿੰਘ ਨੇ ਕਿਸਾਨ ਆਗੂਆਂ ਨੂੰ ਯਕੀਨ ਦਵਾਇਆ ਕਿ ਹਾੜੀ ਦੇ ਸੀਜ਼ਨ ਤੋਂ ਪਹਿਲਾਂ ਮੰਡੀਆਂ ਵਿੱਚ ਪ੍ਰਬੰਧ ਮੁਕੰਮਲ ਕਰ ਲਏ ਜਾਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀਆਂ ਹਦਾਇਤਾਂ ਅਨੁਸਾਰ ਮੁੱਖ ਅਨਾਜ ਮੰਡੀ ਅਬੋਹਰ ਵਿੱਚ ਸਾਫ-ਸਫਾਈ ਪਹਿਲਾਂ ਹੀ ਜਾਰੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮਾਰਕਿਟ ਕਮੇਟੀ ਦੇ ਕਰਮਚਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਮੰਡੀ ਦੀ ਸਾਫ-ਸਫਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਕਿਸੇ ਵੀ ਥਾਂ ਤੇ ਕੂੜਾ ਨਾ ਹੋਣ ਦਿੱਤਾ ਜਾਵੇ। ਇਸ ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਆਪਣੀਆਂ ਹੋਰ ਮੁਸ਼ਕਲਾਂ ਨੂੰ ਵੀ ਦੱਸਿਆ, ਜਿਸ ਤੇ ਸਕੱਤਰ ਬਲਜਿੰਦਰ ਸਿੰਘ ਨੇ ਜਲਦੀ ਹੱਲ ਕਰਵਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਭੁਪਿੰਦਰ ਸਿੰਘ ਕਿੱਕਰ ਖੇੜਾ ਜਿਲ੍ਹਾ ਪ੍ਰਧਾਨ(ਫਾਜਿਲਕਾ), ਸਿਮਰਜੀਤ ਸਿੰਘ ਜਿਲ੍ਹਾ ਜਨਰਲ ਸਕੱਤਰ, ਗੁਰਟੇਕ ਸਿੰਘ ਬਲਾਕ ਪ੍ਰਧਾਨ, ਲੱਖਵਿੰਦਰ ਸਿੰਘ ਪ੍ਰੈਸ ਸਕੱਤਰ, ਅਮਰੀਕ ਸਿੰਘ ਜਿਲ੍ਹਾ ਮੀਤ ਸਕੱਤਰ, ਮਹਿੰਦਰ ਰਾਮਸਰਾ ਬਲਾਕ ਪ੍ਰਧਾਨ, ਰਮਨਪ੍ਰੀਤ ਸਿੰਘ ਬਲਾਕ ਮੀਤ ਪ੍ਰਧਾਨ ਆਦਿ ਕਿਸਾਨ ਆਗੂ ਮੌਜੂਦ ਸਨ।

# ਨਿਸਾਨ ਮੈਗਨਾਈਟ ਨੇ 50,000 ਯੂਨਿਟਾ ਨਿਰਯਾਤ ਦਾ ਮੀਲ ਪੱਥਰ ਪਾਰ ਕੀਤਾ




ਚੰਡੀਗੜ੍ਹ: (ਲੋਕ ਬਾਣੀ) ਵਾਤਾਵਰਣ-ਅਨੁਕੂਲ ਆਵਾਜਾਈ ਨੂੰ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਦੇ ਹਿੱਸੇ ਵਜੋਂ, ਨਿਸਾਨ ਨੇ ਅੱਜ ਐਲਾਨ ਕੀਤਾ ਕਿ ਨਵਾਂ ਨਿਸਾਨ ਮੈਗਨਾਈਟ 2♣10 ਨੈਚੁਰਲੀ ਐਸਪੀਰੇਟਿਡ ਇੰਜਣ ਹੁਣ ਪੂਰੀ ਤਰ੍ਹਾਂ 520 ਅਨੁਕੂਲ ਹੈ।

ਇਸਦੇ ਨਾਲ, ਇਹ ਵਧੇਰੇ ਸ਼ਕਤੀਸ਼ਾਲੀ 1.0 ਲੀਟਰ 8♣10 ਟਰਬੋਚਾਰਜਡ ਪੈਟਰੋਲ ਇੰਜਣ ਦੇ ਬਰਾਬਰ ਆਉਂਦਾ ਹੈ, ਜਿਸ ਨੂੰ ਅਗਸਤ 2024 ਵਿੱਚ 520 ਅਨੁਕੂਲ ਬਣਾਇਆ ਗਿਆ ਸੀ। ਇਸ ਪ੍ਰਾਪਤੀ ਦੇ ਨਾਲ, ਨਵੇਂ ਨਿਸਾਨ ਮੈਗਨਾਈਟ ਦੇ ਸਾਰੇ ਪਾਵਰਟ੍ਰੇਨ ਵਿਕਲਪ ਹੁਣ 520 ਅਨੁਕੂਲ ਬਣ ਗਏ ਹਨ।

ਨਿਸਾਨ ਮੋਟਰ ਇੰਡੀਆ ਨੇ ਆਪਣੇ ਲਾਂਚ ਤੋਂ ਬਾਅਦ ਮੈਗਨਾਈਟ ਦੀਆਂ 50,000 ਯੂਨਿਟਾਂ ਦੀ ਨਿਰਯਾਤ ਦਾ ਇੱਕ ਮਹੱਤਵਪੂਰਨ ਮੀਲ ਪੱਥਰ ਵੀ ਪਾਰ ਕੀਤਾ ਹੈ।

ਨਵੀਂ ਨਿਸਾਨ ਮੈਗਨਾਈਟ ਨੇ ਭਾਰਤ ਨੂੰ ਕੰਪਨੀ ਲਈ ਇੱਕ ਪ੍ਰਮੁੱਖ ਨਿਰਯਾਤ ਹੱਬ ਵਜੋਂ ਸਥਾਪਤ ਕਰਨ ਲਈ ਕੰਪਨੀ ਦੀ ਹਾਲੀਆ ਰਣਨੀਤਕ ਘੋਸ਼ਣਾ ਦੇ ਅਨੁਸਾਰ ਲਾਂਚ ਕੀਤੇ ਜਾਣ ਤੋਂ ਬਾਅਦ ਘਰੇਲੂ ਅਤੇ ਨਿਰਯਾਤ ਬਾਜ਼ਾਰਾਂ ਵਿੱਚ ਆਪਣੀ ਥੋਕ ਵਿਕਰੀ ਵਿੱਚ ਤੇਜ਼ੀ ਨਾਲ ਵਾਧਾ ਕੀਤਾ ਹੈ।ਐਲਐਚਡੀ ਸੰਸਕਰਣ ਦੀ ਸ਼ੁਰੂਆਤ ਨੇ ਜਨਵਰੀ 2025 ਵਿੱਚ ਪਹਿਲੀ ਡਿਸਪੈਚ ਦੇ ਨਾਲ ਇਸ ਦਿਸ਼ਾ ਵਿੱਚ ਇੱਕ ਵੱਡਾ ਯੋਗਦਾਨ ਪਾਇਆ ਹੈ।

ਫਰਵਰੀ 2025 ਵਿੱਚ, ਨਿਸਾਨ ਨੇ ਕੁੱਲ 8567 ਯੂਨਿਟਾਂ ਦੀ ਥੋਕ ਵਿਕਰੀ ਕੀਤੀ, ਜਿਸ ਵਿੱਚ ਵਧੇ ਹੋਏ ਨਿਰਯਾਤ ਅੰਕੜਿਆਂ ਨੇ ਮਹੱਤਵਪੂਰਨ ਯੋਗਦਾਨ ਪਾਇਆ। ਘਰੇਲੂ ਬਜ਼ਾਰ ਵਿੱਚ 2328 ਯੂਨਿਟ ਅਤੇ ਨਿਰਯਾਤ ਬਾਜ਼ਾਰ ਵਿੱਚ 6239 ਯੂਨਿਟ ਵੇਚੇ ਗਏ।

ਫਰਵਰੀ 2024 ਚ 3163 ਦੇ ਮੁਕਾਬਲੇ ਇਸ ਸਾਲ ਬਰਾਮਦ ਚ 97 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ।

ਨਿਸਾਨ ਮੋਟਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਸੌਰਭ ਵਤਸ ਨੇ ਕਿਹਾ, ਨਵਾਂ ਨਿਸਾਨ ਮੈਗਨਾਈਟ 520 ਅਨੁਕੂਲ ਹੋਣਾ ਵਾਤਾਵਰਣ ਦੇ ਮਾਪਦੰਡਾਂ ਨੂੰ ਬਦਲਦੇ ਹੋਏ ਭਵਿੱਖ ਲਈ ਤਿਆਰ ਗਤੀਸ਼ੀਲਤਾ ਹੱਲ ਪ੍ਰਦਾਨ ਕਰਨ ਪ੍ਰਤੀ ਸਾਡੇ ਸਮਰਪਣ ਨੂੰ ਦਰਸਾਉਂਦਾ ਹੈ।ਅਸੀਂ ਭਾਰਤ ਵਿੱਚ ਆਪਣੇ ਸੰਚਾਲਨ ਲਈ ਵਚਨਬੱਧ ਹਾਂ ਅਤੇ ਨਵੇਂ ਨਿਸਾਨ ਮੈਗਨਾਈਟ ਦਾ ਵਿਕਾਸ ਇਸ ਸਮਰਪਣ ਦਾ ਪ੍ਰਮਾਣ ਹੈ।

# ਬਿਜਲੀ ਦੀ ਜਰੂਰੀ ਮੇਨਟੀਨੈਂਸ ਕਾਰਣ ਬਿਜਲੀ ਸਪਲਾਈ ਸਵੇਰੇ 9.00 ਤੋਂ 2.00 ਵਜੇ ਤੱਕ ਬੰਦ ਰਹੇਗੀ



ਫਗਵਾੜਾ (ਸੁਸ਼ੀਲ ਸ਼ਰਮਾ) ਪੀ ਐਸ ਪੀ ਸੀ ਐਲ ਸਹਾਇਕ ਕਾਰਜਕਾਰੀ ਇੰਜੀਨੀਅਰ

ਟੀ-2 ਸਬ ਅਰਬਨ ਉਪ ਮੰਡਲ ਫਗਵਾੜਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮਿਤੀ 03/03/2025 ਦਿਨ ਸੋਮਵਾਰ ਨੂੰ 66 ਕੇ ਵੀ ਹੁਸ਼ਿਆਰਪੁਰ ਰੋਡ ਵਿਖੇ ਸ਼ਟ ਡਾਉਨ ਦੌਰਾਨ ਜ਼ਰੂਰੀ ਮੇਨਟੀਨੈਂਸ ਕਰਨ ਲਈ ਹੇਠ ਲਿਖੇ ਏਰੀਏ ਦੀ ਬਿਜਲੀ ਸਪਲਾਈ ਸਮਾਂ ਸਵੇਰੇ 09:00 ਵਜੇ ਤੋਂ ਸ਼ਾਮ 16:00 ਵਜੇ ਤੱਕ ਬੰਦ ਰਹੇਗੀ

11 ਕੇ ਵੀ ਪੇਂਡੂ ਸ਼ਹਿਰੀ ਨੰ:1 ਅਤੇ 11 ਕੇ ਵੀ ਪੇਂਡੂ ਸ਼ਹਿਰੀ ਨੰ:2, 11 ਕੇ ਵੀ ਲਿੰਕ ਫੀਡਰ, 11 ਕੇ ਵੀ ਖਲਵਾੜਾ ਫੀਡਰ, 11 ਕੇ ਵੀ ਬਾਬਾ ਗਧੀਆ ਫੀਡਰ, 11 ਕੇ ਵੀ ਹੁਸ਼ਿਆਰਪੁਰ ਰੋਡ ਫੀਡਰ, 11ਕੇ ਵੀ ਅਸ਼ੋਕ ਵਿਹਾਰ ਫੀਡਰ, 11 ਕੇ.ਵੀ. ਫਤਿਹਗੜ, 11 ਕੇ ਵੀ ਸਿਵਲ ਹਸਪਤਾਲ ਫੀਡਰ, ਇਹਨਾਂ ਸਬ ਸਟੇਸ਼ਨਾਂ ਤੋਂ ਚੱਲਦੇ ਸਾਰੇ ਏ ਪੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ ਬਿਜਲੀ ਸਪਲਾਈ ਬੰਦ ਰਹਿਣ ਕਾਰਣ ਪ੍ਰਭਾਵਿਤ ਏਰੀਆ ਚ ਮੁਹੱਲਾ, ਚਾਹਲ ਨਗਰ, ਸੰਤੋਖਪੁਰਾ, ਦਸਮੇਸ਼ ਨਗਰ, ਸ਼ਾਂਮ ਇਨਕਲੇਵ, ਨੇੜੇ ਜੀਟੀ ਰੋਡ, ਮੁਹੱਲਾ ਧਰਮਕੋਟ, ਪਲਾਹੀ ਰੋਡ, ਬਾਬਾ ਗਧੀਆ, ਪਿੰਡ ਭੁੱਲਾਰਾਈ, ਹਾਜੀਪੁਰ, ਚੱਕ ਹਕੀਮ, ਖੰਗੂੜਾ, ਪਲਾਹੀ,ਵਜੀਦੋਵਾਲ, ਖਲਵਾੜਾ, ਪੰਡੋਰੀ, ਖਾਟੀ, ਖੁਰਮਪੁਰ, ਚੱਕ ਪ੍ਰੇਮਾ, ਲੱਖਪੁਰ ਸੰਗਤਪੁਰ,ਨਵਾਂ ਪਿੰਡ ਆਦਿ ਪ੍ਰਮੁੱਖ ਹਨ

# ਇੰਡਸਟਰੀ ਦੀ ਸਹੂਲਤ ਲਈ ਉਦਯੋਗਿਕ ਇਲਾਕਿਆਂ 'ਚ ਕਰਵਾਏ ਜਾਣਗੇ 4.45 ਕਰੋੜ ਰੁਪਏ ਦੇ ਵਿਕਾਸ ਕਾਰਜ : ਡਿਪਟੀ ਕਮਿਸ਼ਨਰ

ਜਲੰਧਰ, (ਲੋਕ ਬਾਣੀ): ਉਦਯੋਗਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਸਨਅਤਾਂ ਦੀ ਸਹੂਲਤ ਲਈ ਜ਼ਿਲ੍ਹੇ ਦੇ ਉਦਯੋਗਿਕ ਇਲਾਕਿਆਂ ਵਿੱਚ 4.45 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾਣਗੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਵਿੱਚੋਂ 2.44 ਕਰੋੜ ਰੁਪਏ ਦੇ ਵਿਕਾਸ ਕਾਰਜ ਫੋਕਲ ਪੁਆਇੰਟ ਓਲਡ ਅਤੇ ਫੋਕਲ ਪੁਆਇੰਟ ਐਕਸਟੈਸ਼ਨ ਵਿੱਚ ਜਦਕਿ 2.01 ਕਰੋੜ ਰੁਪਏ ਦੇ ਕੰਮ ਲੈਦਰ ਕੰਪਲੈਕਸ ਅਤੇ ਸਰਜੀਕਲ ਕੰਪਲੈਕਸ ਵਿਖੇ ਨਗਰ ਨਿਗਮ ਜਲੰਧਰ ਵੱਲੋਂ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਕਾਸ ਕਾਰਜਾਂ ਵਿੱਚ ਨਵੇਂ ਮੈਨਹੋਲ, ਚੈਂਬਰ, ਆਰਜੀ ਸੀਵਰੇਜ ਡਿਸਪੋਜ਼ਲ ਤੇ ਟਿਊਬਵੈੱਲ, ਜਲ ਸਪਲਾਈ ਤੇ ਸੀਵਰੇਜ ਸਿਸਟਮ ਦੀ ਮੁਰੰਮਤ ਤੇ ਰੱਖ-ਰਖਾਅ, ਜ਼ੋਨਲ ਦਫ਼ਤਰਾਂ ਦਾ ਨਿਰਮਾਣ, ਨਵੀਆਂ ਸਟ੍ਰੀਟ ਲਾਈਟਾਂ, ਜਨਰੇਟਰ ਸੈੱਟਾਂ ਦੀ ਖ਼ਰੀਦ, ਸਰਜੀਕਲ ਕੰਪਲੈਕਸ ਵਿਖੇ ਸਟ੍ਰੋਮ ਸੀਵਰੇਜ ਸਿਸਟਮ ਦਾ ਨਿਰਮਾਣ ਆਦਿ ਸ਼ਾਮਲ ਹਨ।

ਡਾ. ਅਗਰਵਾਲ ਨੇ ਵਿਕਾਸ ਕਾਰਜ ਸਮੇਂ ਸਿਰ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਅਧਿਕਾਰੀ ਵਿਕਾਸ ਕਾਰਜਾਂ ਦੀ ਵਿਅਕਤੀਗਤ ਤੌਰ 'ਤੇ ਨਿਗਰਾਨੀ ਯਕੀਨੀ ਬਣਾਉਣ ਤਾਂ ਜੋ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾ ਸਕੇ। ਕੰਮਾਂ ਦੀ ਗੁਣਵੱਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਸਪਸ਼ਟ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਉਦਯੋਗਾਂ ਨੂੰ ਸੁਖਾਵਾਂ ਮਾਹੌਲ ਅਤੇ ਸਹੂਲਤਾਂ ਦੇਣ ਲਈ ਵਚਨਬੱਧ ਹੈ, ਜਿਸ ਤਹਿਤ ਉਦਯੋਗ ਅਤੇ ਵਪਾਰ ਵਿਕਾਸ ਨੀਤੀ ਤਹਿਤ ਰਾਜ ਸਰਕਾਰ ਵੱਲੋਂ ਯੋਗ ਫਰਮਾਂ ਲਈ 3.79 ਕਰੋੜ ਰੁਪਏ ਦੇ ਪੰਜ ਇੰਸੈਟਿਵ ਕੇਸ ਪਹਿਲਾਂ ਹੀ ਮਨਜ਼ੂਰ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਦਯੋਗਾਂ ਦੇ ਨੁਮਾਇੰਦਿਆਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੀ ਤੀਜੀ ਮੰਜ਼ਿਲ ਸਥਿਤ ਡੀ.ਬੀ.ਈ.ਈ. ਵਿਖੇ ਸਿੰਗਲ ਵਿੰਡੋ ਨੇ ਅੱਜ ਤੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ, ਜਿਥੇ ਉਦਯੋਗਾਂ ਦੇ ਮੁੱਦਿਆਂ ਦਾ ਨਿਪਟਾਰਾ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਰ ਮੰਗਲਵਾਰ ਮੌਜੂਦ ਰਹਿਣਗੇ। ਉਨ੍ਹਾਂ ਦੱਸਿਆ ਕਿ ਸਨਅਤਕਾਰਾਂ ਦੀ ਸਹੂਲਤ ਲਈ ਜਲਦ ਹੀ ਹੈਲਪਲਾਈਨ ਨੰਬਰ ਵੀ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦੇ ਲਈ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਦਯੋਗਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PERSONAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
www.stsoldiergroup.com